ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

https://youtu.be/LQwolgxDu7I

International Daily Newspaper & WEB TV

awazeqaumtvpunjab@gmail.com

ਸ਼ਨੀਵਾਰ, 24 ਅਕਤੂਬਰ 2026 (ਨਾਨਕਸ਼ਾਹੀ ਸੰਮਤ : ੫੫੮, ੮ ਕੱਤਕ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਪੰਜਾਬ 'ਚ ਨਸ਼ਿਆਂ ਨੂੰ ਰੋਕਣ ਦੀ ਦਿਸ਼ਾ 'ਚ ਵੱਡਾ ਕਦਮ ! ਗਜ਼ਟ ਨੋਟੀਫਿਕੇਸ਼ਨ ਜਾਰੀ

**ਚੰਡੀਗੜ੍ਹ, 23 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਸਰਕਾਰ ਦੇ ਗ੍ਰਹਿ ਮਾਮਲੇ ਵਿਭਾਗ ਨੇ ਸੂਬੇ ਵਿਚ ਨਸ਼ਾ ਤਸਕਰੀ ਵਿਰੁੱਧ ਕਾਰਵਾਈ ਨੂੰ ਹੋਰ ਮਜ਼ਬੂਤ ਕਰਨ ਲਈ 6 ਸੀਨੀਅਰ ਆਈ.ਪੀ.ਐਸ.ਅਧਿਕਾਰੀਆਂ ਨੂੰ ਵਿਸ਼ੇਸ਼ ਅਧਿਕਾਰ ਅਤੇ ਤਾਕਤਾਂ ਸੌਂਪਣ ਦਾ ਗਜ਼ਟ ਨੋਟੀਫਿਕੇਸ਼ਨ ਜਾਰੀ ਕੀਤਾ ਹੈ। ਇਹ ਨੋਟੀਫਿਕੇਸ਼ਨ 'ਪ੍ਰੀਵੈਂਸ਼ਨ ਆਫ਼ ਇਲਿਸਿਟ ਟ੍ਰੈਫਿਕ ਇਨ ਨਾਰਕੋਟਿਕ ਡਰੱਗਜ਼ ਐਂਡ ਸਾਈਕੋਟ੍ਰਪਿਕ ਸਬਸਟਾਂਸਿਜ਼ ਐਕਟ, 1988' ਦੀ ਧਾਰਾ 3(1) ਤਹਿਤ ਜਾਰੀ ਕੀਤਾ ਗਿਆ ਹੈ। ਗ੍ਰਹਿ ਮਾਮਲੇ ਵਿਭਾਗ ਦੇ ਵਧੀਕ ਮੁੱਖ ਸਕੱਤਰ ਆਲੋਕ ਸ਼ੇਖਰ ਵੱਲੋਂ ਇਹ ਸਰਕਾਰੀ ਨੋਟੀਫਿਕੇਸ਼ਨ 21 ਅਕਤੂਬਰ ਨੂੰ ਜਾਰੀ ਕੀਤਾ ਗਿਆ ਹੈ। ਇਸ ਤਹਿਤ ਜਿਨ੍ਹਾਂ ਕਮਿਸ਼ਨਰੇਟਾਂ, ਪੁਲਸ ਰੇਂਜਾਂ ਅਤੇ ਹੈੱਡਕੁਆਰਟਰ ਯੂਨਿਟਾਂ ਵਿਚ ਇੰਸਪੈਕਟਰ ਜਨਰਲ ਆਫ਼ ਪੁਲਸ ਰੈਂਕ ਦੇ ਅਧਿਕਾਰੀ ਉਪਲਬਧ ਨਹੀਂ ਹਨ, ਉੱਥੇ ਹੇਠ ਲਿਖੇ 6 IPS ਅਧਿਕਾਰੀਆਂ ਨੂੰ ਵਿਸ਼ੇਸ਼ ਸ਼ਕਤੀਆਂ ਦਿੱਤੀਆਂ ਗਈਆਂ ਹਨ: 1. ਏ. ਐੱਸ. ਰਾਏ - ਸਪੈਸ਼ਲ ਡਾਇਰੈਕਟਰ ਜਨਰਲ ਆਫ਼ ਪੁਲਸ, ਟ੍ਰੈਫਿਕ 2. ਗੌਤਮ ਚੀਮਾ - ਵਧੀਕ ਡਾਇਰੈਕਟਰ ਜਨਰਲ ਆਫ਼ ਪੁਲਸ 3. ਸ਼ਿਵ ਵਰਮਾ - ਵਧੀਕ ਡਾਇਰੈਕਟਰ ਜਨਰਲ ਆਫ਼ ਪੁਲਸ, ਇੰਟਰਨਲ ਸਿਕਿਓਰਿਟੀ 4. ਕੌਸਤੁਭ ਸ਼ਰਮਾ - ਵਧੀਕ ਡਾਇਰੈਕਟਰ ਜਨਰਲ ਆਫ਼ ਪੁਲਸ, ਸਿਕਿਓਰਿਟੀ 5. ਨੈਨਿਹਾਲ ਸਿੰਘ - ਵਧੀਕ ਡਾਇਰੈਕਟਰ ਜਨਰਲ ਆਫ਼ ਪੁਲਸ, ਇੰਟਰਨਲ ਵਿਜੀਲੈਂਸ ਸੈੱਲ 6. ਐੱਸ. ਭੂਪਤੀ - ਇੰਸਪੈਕਟਰ ਜਨਰਲ ਆਫ਼ ਪੁਲਸ, ਪ੍ਰੋਵੀਜ਼ਨਿੰਗ ਨੋਟੀਫਿਕੇਸ਼ਨ ਦੇ ਅਨੁਸਾਰ, ਪੰਜਾਬ ਦੇ ਡਾਇਰੈਕਟਰ ਜਨਰਲ ਆਫ਼ ਪੁਲਸ ਵੱਲੋਂ ਇਨ੍ਹਾਂ ਅਧਿਕਾਰੀਆਂ ਨੂੰ ਪ੍ਰਸ਼ਾਸਨਿਕ ਤੌਰ 'ਤੇ ਖੇਤਰ ਅਲਾਟ ਕੀਤੇ ਜਾਣਗੇ।

# ਅਮਿਤਾਭ ਬੱਚਨ ਦੇ ਬੰਗਲੇ ਤੇ ਦਿਲਜੀਤ ਦੋਸਾਂਝ ਦੇ ਪ੍ਰੋਗਰਾਮ ਨੂੰ ਬੰਬ ਨਾਲ ਉਡਾਉਣ ਦੀ ਧਮਕੀ

**ਮੁੰਬਈ/ਨਵੀਂ ਦਿੱਲੀ, 23 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਮੁੰਬਈ ਦੇ ਮੇਅਰ ਰਿਤੂ ਤਾਵੜੇ ਅਤੇ ਹੋਰ ਅਧਿਕਾਰੀਆਂ ਨੂੰ ਇੱਕ ਧਮਕੀ ਭਰਿਆ ਈਮੇਲ ਭੇਜਿਆ ਗਿਆ ਹੈ। ਈਮੇਲ ਵਿੱਚ ਅਦਾਕਾਰ ਅਮਿਤਾਭ ਬੱਚਨ ਅਤੇ ਗਾਇਕ ਦਿਲਜੀਤ ਦੋਸਾਂਝ ਦਾ ਵੀ ਨਾਮ ਲਿਆ ਗਿਆ ਹੈ। ਜਿੱਥੇ ਬਿੱਗ ਬੀ ਦੇ ਬੰਗਲੇ ਨੂੰ ਨਿਸ਼ਾਨਾ ਬਣਾਉਣ ਦੀਆਂ ਧਮਕੀਆਂ ਦਿੱਤੀਆਂ ਗਈਆਂ ਹਨ, ਉੱਥੇ ਹੀ ਗਾਇਕ ਦਿਲਜੀਤ ਦੋਸਾਂਝ ਦੇ ਸੰਗੀਤ ਸਮਾਰੋਹ ਵਿੱਚ ਬੰਬ ਦੀ ਧਮਕੀ ਦਿੱਤੀ ਗਈ ਹੈ। ਦਿਲਜੀਤ ਦਾ ਸੰਗੀਤ ਸਮਾਰੋਹ 27 ਨਵੰਬਰ, 2026 ਨੂੰ ਮੁੰਬਈ ਵਿੱਚ ਹੋਣ ਵਾਲਾ ਹੈ। ਦੱਸ ਦੇਈਏ ਕਿ 23 ਅਕਤੂਬਰ ਨੂੰ ਸਵੇਰੇ 11:31 ਵਜੇ ਭੇਜੇ ਗਏ ਈਮੇਲ ਵਿੱਚ ਮੁੰਬਈ ਦੇ ਮੇਅਰ ਦੇ ਦਫ਼ਤਰ ਨੂੰ ਦੁਪਹਿਰ 3:11 ਵਜੇ ਉਡਾਉਣ



ਦੀ ਧਮਕੀ ਦਿੱਤੀ ਗਈ ਹੈ। ਈਮੇਲ ਵਿੱਚ 31 ਅਕਤੂਬਰ ਨੂੰ ਮੁੰਬਈ ਦੇ ਇੱਕ ਸਕੂਲ 'ਤੇ ਗ੍ਰਨੇਡ ਹਮਲੇ ਅਤੇ 27 ਨਵੰਬਰ ਨੂੰ ਮਹਾਲਕਸ਼ਮੀ ਰੇਸ ਕੋਰਸ 'ਤੇ ਬੰਬ ਧਮਾਕੇ ਦੀ ਧਮਕੀ ਵੀ ਦਿੱਤੀ ਗਈ ਹੈ। ਇਸ ਤੋਂ ਇਲਾਵਾ ਈਮੇਲ ਵਿੱਚ ਖਾਲਿਸਤਾਨ ਪੱਖੀ ਨਾਅਰਿਆਂ ਦਾ ਜ਼ਿਕਰ ਕੀਤਾ ਗਿਆ ਹੈ। ਧਮਕੀ ਭਰੇ ਈਮੇਲ ਦੀ ਜਾਂਚ ਕੀਤੀ ਜਾ ਰਹੀ ਹੈ। ਡੀਸੀਪੀ ਮਨੀਸ਼ ਕਲਵਾਨੀਆ ਨੇ ਕਿਹਾ ਕਿ ਬ੍ਰਿਹਨਮੁੰਬਈ ਨਗਰ ਨਿਗਮ (ਬੀਐਮਸੀ) ਨੂੰ ਧਮਕੀ ਭਰਿਆ ਈਮੇਲ ਮਿਲਿਆ ਸੀ। ਜਾਂਚ ਤੋਂ ਬਾਅਦ ਕੁਝ ਵੀ ਸ਼ੱਕੀ ਨਹੀਂ ਮਿਲਿਆ। ਇਸ ਤੋਂ ਇਲਾਵਾ ਦਾਦਰ ਦੇ ਸਕੂਲਾਂ ਨੂੰ ਵੀ ਧਮਕੀਆਂ ਦਿੱਤੀਆਂ ਗਈਆਂ ਹਨ। ਇੱਕ ਅਧਿਕਾਰੀ ਨੇ ਦੱਸਿਆ ਕਿ 20 ਮਾਰਚ ਨੂੰ ਵੀ ਇਸੇ ਤਰ੍ਹਾਂ ਦੀ ਇੱਕ ਘਟਨਾ ਵਾਪਰੀ ਸੀ, ਜਦੋਂ ਮੁੰਬਈ ਪ੍ਰੈਸ ਕਲੱਬ ਨੂੰ ਇੱਕ ਧਮਕੀ ਭਰਿਆ ਈਮੇਲ ਮਿਲਿਆ। ਇਸ ਵਿੱਚ ਦਾਅਵਾ ਕੀਤਾ ਗਿਆ ਸੀ ਕਿ ਇਮਾਰਤ ਦੇ ਅੰਦਰ ਜ਼ਿਹਰੀਲੀ ਗੈਸ ਨਾਲ ਭਰੇ ਕਈ ਛੋਟੇ ਬੰਬ ਰੱਖੇ ਗਏ ਸਨ, ਜੋ ਦੁਪਹਿਰ 1 ਵਜੇ ਫਟ ਜਾਣਗੇ। ਮੁੱਢਲੀ ਜਾਣਕਾਰੀ ਦੇ ਅਨੁਸਾਰ ਈਮੇਲ "ਨੀਰਜਾ ਅਜਮਲ ਖਾਨ" ਨਾਮ ਦੇ ਕਿਸੇ ਵਿਅਕਤੀ ਦੁਆਰਾ ਭੇਜੀ ਗਈ ਸੀ। ਭੇਜਣ ਵਾਲੇ ਨੇ ਦਾਅਵਾ ਕੀਤਾ ਕਿ ਪ੍ਰੈਸ ਕਲੱਬ ਦੀ ਇਮਾਰਤ ਦੇ ਅੰਦਰ 42 ਜ਼ਹਿਰੀਲੇ ਗੈਸ ਯੰਤਰ ਲਗਾਏ ਗਏ ਸਨ। ਈਮੇਲ ਵਿੱਚ ਇਹ ਵੀ ਦਾਅਵਾ ਕੀਤਾ ਗਿਆ ਸੀ ਕਿ ਯੰਤਰ ਸਿਰਫ਼ ਜਾਇਦਾਦ ਨੂੰ ਨੁਕਸਾਨ ਪਹੁੰਚਾਉਣ ਲਈ ਸਨ ਅਤੇ ਇਮਾਰਤ ਨੂੰ ਖਾਲੀ ਕਰਨ ਦੀ ਅਪੀਲ ਕੀਤੀ ਗਈ ਸੀ।

## ਦਿੱਲੀ 'ਚ ਦਿਲਜੀਤ ਦੇ ਸ਼ੋਅ ਨੂੰ ਮਿਲੀ ਮਨਜ਼ੂਰੀ

ਦਿਲਜੀਤ ਦੋਸਾਂਝ ਦਾ "ਔਰਾ ਇੰਡੀਆ ਟੂਰ" 30 ਅਕਤੂਬਰ ਨੂੰ ਦਿੱਲੀ ਦੇ ਜਵਾਹਰ ਲਾਲ ਨਹਿਰੂ ਸਟੇਡੀਅਮ ਵਿੱਚ ਹੋਣਾ ਸੀ, ਪਰ ਦਿੱਲੀ ਪੁਲਿਸ ਨੇ ਇਸ 'ਤੇ ਪਾਬੰਦੀ ਲਗਾ ਦਿੱਤੀ ਸੀ। ਹਾਲਾਂਕਿ, ਹੁਣ ਇੱਕ ਵੱਡਾ ਅਪਡੇਟ ਸਾਹਮਣੇ ਆਇਆ ਹੈ। ਦਰਅਸਲ ਪੰਜਾਬੀ ਗਾਇਕ ਅਤੇ ਅਦਾਕਾਰ ਦਿਲਜੀਤ ਦੋਸਾਂਝ ਇਸ ਸਮੇਂ ਆਪਣੇ ਕੰਸਰਟ ਲਈ ਖ਼ਬਰਾਂ ਵਿੱਚ ਹਨ। BookMyShow Live ਨੇ 14 ਅਕਤੂਬਰ ਨੂੰ ਕੰਸਰਟ ਲਈ ਇਜਾਜ਼ਤ ਮੰਗੀ ਸੀ। ਹਾਲਾਂਕਿ, ਪੁਲਿਸ ਨੇ ਸੁਰੱਖਿਆ ਚਿੰਤਾਵਾਂ ਦੇ ਕਾਰਨ ਅਪੀਲ ਨੂੰ ਰੱਦ ਕਰ ਦਿੱਤਾ ਸੀ। ਦਿੱਲੀ ਪੁਲਿਸ ਦੇ ਦੱਖਣੀ ਜ਼ਿਲ੍ਹਾ ਨੇ 21 ਅਕਤੂਬਰ ਨੂੰ ਇਸ ਸਬੰਧ ਵਿੱਚ ਇੱਕ ਆਦੇਸ਼ ਜਾਰੀ ਕੀਤਾ ਸੀ। ਪੁਲਿਸ ਦੇ ਹੁਕਮਾਂ ਅਨੁਸਾਰ ਸੰਗੀਤ ਸਮਾਰੋਹ ਨੂੰ ਮਨਜ਼ੂਰੀ ਨਾ ਦੇਣ ਦੇ ਕਈ ਕਾਰਨ ਦੱਸੇ ਗਏ ਸਨ। ਇਨ੍ਹਾਂ ਵਿੱਚ ਸੰਭਾਵੀ ਸੁਰੱਖਿਆ ਖਤਰਿਆਂ, ਤਿਉਹਾਰਾਂ ਦੌਰਾਨ ਸੁਰੱਖਿਆ ਜ਼ਿੰਮੇਵਾਰੀਆਂ ਅਤੇ ਹੋਰ ਕਾਨੂੰਨ ਵਿਵਸਥਾ ਸੰਬੰਧੀ ਚਿੰਤਾਵਾਂ ਬਾਰੇ ਜਾਣਕਾਰੀ ਸ਼ਾਮਲ ਸੀ। ਪੁਲਿਸ ਨੇ ਆਪਣੇ ਪੱਤਰ ਵਿੱਚ ਸਪੱਸ਼ਟ ਕੀਤਾ ਸੀ ਕਿ ਸਮਾਗਮ ਲਈ ਇਜਾਜ਼ਤ ਨਹੀਂ ਦਿੱਤੀ ਜਾ ਸਕਦੀ। ਹੁਣ, ਦਿੱਲੀ ਪੁਲਿਸ ਨੇ ਮੁੜ ਵਿਚਾਰ ਕਰਨ ਤੋਂ ਬਾਅਦ ਦਿਲਜੀਤ ਦੋਸਾਂਝ ਦੇ ਸੰਗੀਤ ਸਮਾਰੋਹ ਲਈ ਇਜਾਜ਼ਤ ਦੇ ਦਿੱਤੀ ਹੈ। ਦਿੱਲੀ ਪੁਲਿਸ ਅਧਿਕਾਰੀਆਂ ਨੇ ਦੱਸਿਆ ਕਿ ਇਸ ਮਾਮਲੇ ਸੰਬੰਧੀ ਕਈ ਮੀਟਿੰਗਾਂ ਹੋਈਆਂ ਸਨ। ਇਨ੍ਹਾਂ ਮੀਟਿੰਗਾਂ ਵਿੱਚ ਪ੍ਰਬੰਧਕਾਂ ਨੇ ਸੁਰੱਖਿਆ ਚਿੰਤਾਵਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਆਪਣੀਆਂ ਯੋਜਨਾਵਾਂ ਦਾ ਵੇਰਵਾ ਦਿੱਤਾ। ਇਸ ਤੋਂ ਬਾਅਦ ਸੰਗੀਤ ਸਮਾਰੋਹ ਨੂੰ ਮਨਜ਼ੂਰੀ ਦੇ ਦਿੱਤੀ ਗਈ ਹੈ। ਦੱਸ ਦੇਈਏ ਕਿ ਦਿਲਜੀਤ ਦੋਸਾਂਝ ਦਾ ਪਹਿਲਾ ਸੰਗੀਤ ਸਮਾਰੋਹ 30 ਅਕਤੂਬਰ ਨੂੰ ਦਿੱਲੀ ਦੇ ਜਵਾਹਰ ਲਾਲ ਨਹਿਰੂ ਸਟੇਡੀਅਮ ਵਿੱਚ ਹੋਵੇਗਾ। ਇਸ ਤੋਂ ਬਾਅਦ ਅਗਲਾ ਸ਼ੋਅ 15 ਨਵੰਬਰ ਨੂੰ ਇੰਦੌਰ ਵਿੱਚ ਹੋਣਾ ਹੈ। ਇਸ ਤੋਂ ਬਾਅਦ ਉਹ 21 ਨਵੰਬਰ ਨੂੰ ਅਹਿਮਦਾਬਾਦ, 27 ਨਵੰਬਰ ਨੂੰ ਮੁੰਬਈ, 29 ਨਵੰਬਰ ਨੂੰ ਬੰਗਲੁਰੂ ਅਤੇ 5 ਦਸੰਬਰ ਨੂੰ ਲਖਨਊ ਵਿੱਚ ਪ੍ਰਦਰਸ਼ਨ ਕਰਨਗੇ। ਚੰਡੀਗੜ੍ਹ ਵਿੱਚ ਉਨ੍ਹਾਂ ਦੇ ਸੰਗੀਤ ਸਮਾਰੋਹ ਦਾ ਐਲਾਨ ਵੀ ਕਰ ਦਿੱਤਾ ਗਿਆ ਹੈ, ਪਰ ਇਸਦੀ ਤਾਰੀਖ ਅਤੇ ਹੋਰ ਵੇਰਵੇ ਅਜੇ ਸਾਹਮਣੇ ਨਹੀਂ ਆਏ ਹਨ।

## ਭਗਵੰਤ ਮਾਨ ਨੂੰ ਬਰਖਾਸਤ ਕਰੋ... ਸ਼੍ਰੋਮਣੀ ਅਕਾਲੀ ਦਲ ਨੇ ਪਰਵਿੰਦਰ ਝੋਟਾ ਕਤਲ ਮਾਮਲੇ 'ਚ ਪੰਜਾਬ ਰਾਜਪਾਲ ਨੂੰ ਸੌਂਪਿਆ ਪੱਤਰ



**ਚੰਡੀਗੜ੍ਹ, 23 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਦੇ ਵਫ਼ਦ ਵੱਲੋਂ ਸ਼ੁੱਕਰਵਾਰ ਨੂੰ ਨਸ਼ਿਆਂ ਖਿਲਾਫ਼ ਲੜਦੇ ਕਤਲ ਕੀਤੇ ਗਏ ਪਰਵਿੰਦਰ ਸਿੰਘ ਝੋਟਾ ਦੇ ਮਾਮਲੇ ਵਿੱਚ ਪੰਜਾਬ ਰਾਜਪਾਲ ਗੁਲਾਬ ਚੰਦ ਕਟਾਰੀਆ ਨਾਲ ਮੁਲਾਕਾਤ ਕੀਤੀ ਗਈ। ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ ਅਕਾਲੀ ਦਲ ਵੱਲੋਂ ਰਾਜਪਾਲ ਕੋਲੋਂ ਮੰਗ ਪੱਤਰ ਰਾਹੀਂ ਮੁੱਖ ਮੰਤਰੀ ਨੂੰ ਬਰਖਾਸਤ ਕੀਤੇ ਜਾਣ ਦੀ ਮੰਗ ਰੱਖੀ। ਵਫ਼ਦ 'ਚ ਡਾ. ਦਲਜੀਤ ਸਿੰਘ ਚੀਮਾ, ਬਲਵਿੰਦਰ ਸਿੰਘ ਭੂੰਦੜ ਵੀ ਸ਼ਾਮਲ ਸਨ। ਪਰਵਿੰਦਰ ਸਿੰਘ ਝੋਟਾ ਦੇ ਕਤਲ ਦਾ ਜ਼ਿਕਰ ਕਰਦਿਆਂ ਸੁਖਬੀਰ ਬਾਦਲ ਨੇ ਕਿਹਾ ਕਿ ਨਸ਼ਿਆਂ ਖ਼ਿਲਾਫ਼ ਆਵਾਜ਼ ਚੁੱਕਣ ਵਾਲੇ ਝੋਟਾ ਨੇ ਆਪਣੀ ਜਾਨ ਗੁਆਈ ਹੈ। ਉਨ੍ਹਾਂ ਸਵਾਲ ਚੁੱਕਿਆ ਕਿ ਜਿਸ ਵਿਅਕਤੀ ਨੇ ਗੋਲੀ ਚਲਾਈ, ਉਸ ਨੂੰ ਲਾਇਸੈਂਸ ਕਿਸ ਨੇ ਜਾਰੀ ਕੀਤਾ ਸੀ। ਉਨ੍ਹਾਂ ਕਿਹਾ ਕਿ ਇਸ ਮਾਮਲੇ ਦੀ ਜਾਂਚ ਨੂੰ ਹੋਰ ਵਧਾਉਂਦਿਆਂ ਗੁਲਜ਼ਾਰ ਸਿੰਘ ਵਾਲਾ ਮਾਮਲਾ ਵੀ 329 ਜਾਂਚ ਦੇ ਘੇਰੇ ਵਿੱਚ ਲਿਆਂਦਾ ਜਾਣਾ ਚਾਹੀਦਾ ਹੈ। ਸੁਖਬੀਰ ਬਾਦਲ ਨੇ ਕਿਹਾ ਕਿ ਸਰਕਾਰ ਨੂੰ ਝੋਟਾ ਦੇ ਪਰਿਵਾਰ ਦੀ ਜ਼ਿੰਮੇਵਾਰੀ ਚੁੱਕਣੀ ਚਾਹੀਦੀ ਹੈ। ਉਨ੍ਹਾਂ ਮੰਗ ਕੀਤੀ ਕਿ ਝੋਟਾ ਦੀ ਪਤਨੀ ਨੂੰ ਕਲਾਸ-1 ਦੀ ਸਰਕਾਰੀ ਨੌਕਰੀ ਦਿੱਤੀ ਜਾਵੇ ਅਤੇ ਪਰਿਵਾਰ ਨੂੰ 2 ਕਰੋੜ ਰੁਪਏ ਦੀ ਆਰਥਿਕ ਸਹਾਇਤਾ ਦਿੱਤੀ ਜਾਵੇ। ਉਨ੍ਹਾਂ ਕਿਹਾ ਕਿ ਪੂਰਾ ਪੰਜਾਬ ਇਸ ਪਰਿਵਾਰ ਦੇ ਨਾਲ ਖੜ੍ਹਾ ਹੈ। ਉਨ੍ਹਾਂ ਮੁੱਖ ਮੰਤਰੀ ਦੀ ਅਗਵਾਈ ਵਾਲੀ ਐਂਟੀ-ਡਰੱਗ ਕਮੇਟੀ 'ਤੇ ਵੀ ਸਵਾਲ ਚੁੱਕੇ ਅਤੇ ਕਿਹਾ ਕਿ ਨਸ਼ਿਆਂ ਦੇ ਮੁੱਦੇ 'ਤੇ ਸਰਕਾਰ ਨੂੰ ਗੰਭੀਰਤਾ ਨਾਲ ਕੰਮ ਕਰਨ ਦੀ ਲੋੜ ਹੈ। ਉਨ੍ਹਾਂ ਪੰਜਾਬ ਸਰਕਾਰ 'ਤੇ ਨਸ਼ਾ ਤਸਕਰਾਂ ਨਾਲ ਮਿਲੀਭੁਗਤ ਦੇ ਦੋਸ਼ ਵੀ ਲਗਾਏ। ਵਿਦੇਸ਼ ਦੌਰੇ ਨੂੰ ਲੈ ਕੇ ਵੀ ਸੁਖਬੀਰ ਬਾਦਲ ਨੇ ਮੁੱਖ ਮੰਤਰੀ 'ਤੇ ਤੰਜ਼ ਕੱਸਿਆ। ਉਨ੍ਹਾਂ ਕਿਹਾ ਕਿ ਵਿਦੇਸ਼ ਦੌਰਿਆਂ ਦਾ ਮਕਸਦ ਪੰਜਾਬ ਵਿੱਚ ਨਿਵੇਸ਼ ਲਿਆਉਣਾ ਹੋਣਾ ਚਾਹੀਦਾ ਹੈ, ਨਾ ਕਿ ਸਿਰਫ਼ ਐਸ਼ ਕਰਨ ਲਈ ਵਿਦੇਸ਼ ਜਾਣਾ। ਵਿਧਾਨ ਸਭਾ ਦੇ ਛੋਟੇ ਸੈਸ਼ਨ ਨੂੰ ਲੈ ਕੇ ਉਨ੍ਹਾਂ ਸਰਕਾਰ 'ਤੇ ਨਿਸ਼ਾਨਾ ਸਾਧਦਿਆਂ ਕਿਹਾ ਕਿ ਜੇ ਸੈਸ਼ਨ ਹੀ ਕੁਝ ਮਿੰਟਾਂ ਦਾ ਹੋਵੇ ਤਾਂ ਉਸ ਤੋਂ ਕੀ ਉਮੀਦ ਕੀਤੀ ਜਾ ਸਕਦੀ ਹੈ।

## ਨਾਰਵੇ ਪੁੱਜਣ 'ਤੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਦਾ ਸਿੱਖ ਸੰਗਤ ਵੱਲੋਂ ਭਰਵਾਂ ਸੁਆਗਤ



**ਨਾਰਵੇ, 23 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ 4 ਦਿਨਾਂ ਲਈ ਗੁਰਦੁਆਰਾ ਸ੍ਰੀ ਗੁਰੂ ਨਾਨਕ ਦੇਵ ਜੀ ਓਸਲੋ ਦੀ ਪ੍ਰਬੰਧਕ ਕਮੇਟੀ ਦੇ ਸੱਦੇ 'ਤੇ ਨਾਰਵੇ ਦੇ ਦੌਰੇ 'ਤੇ ਬੀਤੀ ਰਾਤ ਓਸਲੋ ਪੁੱਜੇ। ਨਾਰਵੇ ਦੀ ਸਿੱਖ ਸੰਗਤ ਨੇ ਓਸਲੋ ਹਵਾਈ ਅੱਡੇ ਉੱਤੇ ਸਿੰਘ ਸਾਹਿਬ ਦਾ ਫੁੱਲਾਂ ਦੇ ਗੁਲਦਸਤੇ ਨਾਲ ਨਿੱਘਾ ਤੇ ਭਰਵਾਂ ਸੁਆਗਤ ਕੀਤਾ। ਨਾਰਵੇ ਦੌਰੇ ਮੌਕੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਗੁਰਦੁਆਰਾ ਸ੍ਰੀ ਗੁਰੂ ਨਾਨਕ ਦੇਵ ਜੀ ਓਸਲੋ ਵਿਖੇ ਗੁਰਮਤਿ ਸਮਾਗਮ ਵਿੱਚ ਸ਼ਮੂਲੀਅਤ ਕਰਨ ਦੇ ਨਾਲ-ਨਾਲ ਸਥਾਨਕ ਸਿੱਖ ਸੰਗਤ ਨਾਲ ਵੱਖ-ਵੱਖ ਮਾਮਲਿਆਂ ਸਬੰਧੀ ਵਿਚਾਰ ਚਰਚਾ ਵੀ ਕਰਨਗੇ। ਇਸ ਉਪਰੰਤ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਸਿੱਖ ਸੰਗਤ ਨਾਲ ਗੁਰਦੁਆਰਾ ਸ੍ਰੀ ਗੁਰੂ ਨਾਨਕ ਦੇਵ ਜੀ ਓਸਲੋ ਵਿਖੇ ਪੁੱਜੇ ਅਤੇ ਗੁਰੂ ਸਾਹਿਬ ਦੇ ਸਨਮੁਖ ਨਤਮਸਤਕ ਹੋਏ। ਇੱਥੇ ਉਨ੍ਹਾਂ ਕੁਝ ਸਮੇਂ ਲਈ ਸੰਗਤ ਨਾਲ ਵਿਚਾਰਾਂ ਦੀ ਸਾਂਝ ਪਾਈ ਅਤੇ ਉਨ੍ਹਾਂ ਦੀ ਚੜ੍ਹਦੀ ਕਲਾ ਲਈ ਅਰਦਾਸ ਕੀਤੀ। ਜਥੇਦਾਰ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਇਹ ਬਹੁਤ ਹੀ ਖੁਸ਼ੀ ਦੀ ਗੱਲ ਹੈ ਕਿ ਆਪਣੇ ਮੂਲ ਪੰਜਾਬ ਤੋਂ ਹਜ਼ਾਰਾਂ ਮੀਲ ਦੂਰ ਵੱਸਦੇ ਸਿੱਖ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨਾਲ ਜੁੜੇ ਹਨ ਤੇ ਸੇਵਾ ਭਾਵਨਾ ਨਾਲ ਕਾਰਜ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਦੁਨੀਆ ਵਿੱਚ ਜਿੱਥੇ ਕਿਤੇ ਵੀ ਸਿੱਖ ਵੱਸੇ ਉਨ੍ਹਾਂ ਸ੍ਰੀ ਗੁਰੂ ਨਾਨਕ ਦੇਵ ਜੀ ਵੱਲੋਂ ਚਲਾਈ ਸਿੱਖੀ ਫੁਲਵਾੜੀ ਨੂੰ ਅਗਾਂਹ ਤੋਰਿਆ ਅਤੇ ਨਾਮਨਾ ਖੱਟਿਆ। ਇਸ ਮੌਕੇ ਸ. ਗੁਰਦਿਆਲ ਸਿੰਘ ਪੱਡਾ, ਸ. ਪਰਮਜੀਤ ਸਿੰਘ ਪ੍ਰਧਾਨ ਪ੍ਰਬੰਧਕ ਕਮੇਟੀ ਗੁਰਦੁਆਰਾ ਸ੍ਰੀ ਗੁਰੂ ਨਾਨਕ ਦੇਵ ਜੀ ਓਸਲੋ, ਸ. ਕਸ਼ਮੀਰਾ ਸਿੰਘ, ਬੀਬੀ ਪਰਮਜੀਤ ਕੌਰ, ਸ. ਹਰਚਰਨ ਸਿੰਘ ਗਰੇਵਾਲ, ਸ. ਹਰਵੇਲ ਸਿੰਘ ਰੰਧਾਵਾ, ਸ. ਭੁਪਿੰਦਰ ਸਿੰਘ ਅਟਵਾਲ, ਸ. ਜਸਵੀਰ ਸਿੰਘ ਸ਼ੇਰਗਿੱਲ, ਸ. ਜਸਪਾਲ ਸਿੰਘ ਭੰਡਾਲ, ਸ. ਪਰਮਜੀਤ ਸਿੰਘ ਤੂਰ, ਸ. ਦਰਬਾਰਾ ਸਿੰਘ, ਸ. ਬਲਜੀਤ ਸਿੰਘ ਪੱਡਾ, ਸ. ਤੇਜਿੰਦਰ ਸਿੰਘ ਨਿੱਝਰ, ਸ. ਹਰਭਜਨ ਸਿੰਘ, ਸ. ਕਰਮਜੀਤ ਸਿੰਘ, ਮੀਡੀਆ ਸਲਾਹਕਾਰ ਸ. ਜਸਕਰਨ ਸਿੰਘ ਆਦਿ ਹਾਜ਼ਰ ਸਨ।

## ਪਰਵਿੰਦਰ ਝੋਟਾ ਕਤਲ ਕੇਸ 'ਚ ਅਸ਼ਵਨੀ ਕੁਮਾਰ ਤੇ ਦੋ ਸਾਥੀ 5 ਦਿਨ ਦੇ ਰਿਮਾਂਡ 'ਤੇ

### ਸੀਬੀਆਈ ਨੂੰ ਪਤਨੀ ਨੀਲਮ ਦਾ ਵੀ ਮਿਲਿਆ 4 ਦਿਨ ਦਾ ਰਿਮਾਂਡ



**ਮਾਨਸਾ, 23 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਮਾਨਸਾ 'ਚ ਕਤਲ ਕੀਤੇ ਗਏ ਪਰਵਿੰਦਰ ਸਿੰਘ ਝੋਟਾ ਦੇ ਕਤਲ ਮਾਮਲੇ ਵਿੱਚ ਸੀਬੀਆਈ ਵੱਲੋਂ ਅੱਜ ਮੁਲਜ਼ਮਾਂ ਨੂੰ ਮੁਹਾਲੀ ਅਦਾਲਤ ਵਿੱਚ ਪੇਸ਼ ਕੀਤਾ ਗਿਆ, ਜਿਥੋਂ ਮੁੱਖ ਮੁਲਜ਼ਮ ਅਸ਼ਵਨੀ ਕੁਮਾਰ ਤੇ ਉਸ ਦੇ ਦੋ ਸਾਥੀਆਂ ਨੂੰ 5-5 ਦਿਨ ਦੇ ਰਿਮਾਂਡ 'ਤੇ ਭੇਜ ਦਿੱਤਾ ਗਿਆ। ਇਸ ਦੇ ਨਾਲ ਹੀ ਸੀਬੀਆਈ ਅਦਾਲਤ ਨੇ ਅਸ਼ਵਨੀ ਕੁਮਾਰ ਦੀ ਪਤਨੀ ਨੀਲਮ ਨੂੰ ਵੀ 4 ਦਿਨ ਦੇ ਰਿਮਾਂਡ 'ਤੇ ਭੇਜਿਆ ਗਿਆ ਹੈ। ਜਾਣਕਾਰੀ ਅਨੁਸਾਰ, ਸੀਬੀਆਈ ਨੇ ਮੁਲਜ਼ਮਾਂ ਅਸ਼ਵਨੀ ਕੁਮਾਰ, ਉਸ ਦੀ ਪਤਨੀ ਨੀਲਮ ਰਾਣੀ ਅਤੇ ਦੋ ਸਾਥੀ ਵਿਪਨ ਗਰਗ ਤੇ ਲਾਡੀ ਸਿੰਘ ਨੂੰ ਮੁਹਾਲੀ ਕੋਰਟ 'ਚ ਪੇਸ਼ ਕੀਤਾ ਸੀ। ਚਾਰੇ ਮੁਲਜ਼ਮਾਂ ਨੂੰ ਪੁਲਿਸ ਦੇ ਸਖਤ ਪਹਿਰੇ ਹੇਠ ਅਦਾਲਤ ਲਿਆਂਦਾ ਗਿਆ ਸੀ, ਜਿਥੋਂ ਜੱਜ ਕਰਨਵੀਰ ਸਿੰਘ ਦੀ ਅਦਾਲਤ ਨੇ ਅਸ਼ਵਨੀ ਕੁਮਾਰ, ਵਿਪਨ ਤੇ ਲਾਡੀ ਸਿੰਘ ਨੂੰ 5-5 ਦਿਨ ਦੇ ਰਿਮਾਂਡ 'ਤੇ ਭੇਜਿਆ ਅਤੇ ਨੀਲਮ ਰਾਣੀ ਨੂੰ 4 ਦਿਨ ਦੇ ਰਿਮਾਂਡ 'ਤੇ ਭੇਜਿਆ। ਇਸ ਤੋਂ ਪਹਿਲਾਂ, ਪੰਜਾਬ ਫਾਰਮੇਸੀ ਕੌਂਸਲ ਨੇ ਕਾਰਵਾਈ ਕਰਦੇ ਹੋਏ ਅਸ਼ਵਨੀ ਕੁਮਾਰ ਦਾ ਫਾਰਮਾਸਿਸਟ ਦਾ ਲਾਇਸੈਂਸ ਵੀ ਰੱਦ ਕਰ ਦਿੱਤਾ ਸੀ। ਦੱਸ ਦਈਏ ਕਿ ਅਸ਼ਵਨੀ ਕੁਮਾਰ ਨੂੰ 10 ਜੁਲਾਈ, 2020 ਨੂੰ ਰਜਿਸਟਰ ਕੀਤਾ ਗਿਆ ਪਰੰਤੂ ਹੁਣ ਪਰਵਿੰਦਰ ਸਿੰਘ ਝੋਟਾ ਦੇ ਕਤਲ ਮਾਮਲੇ ਦੇ ਸਬੰਧ ਵਿੱਚ ਸਖ਼ਤ ਕਾਰਵਾਈ ਦੇ ਹਿੱਸੇ ਵਜੋਂ ਰੱਦ ਕਰ ਦਿੱਤੀ ਗਈ ਹੈ।

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਧੰਨ-ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਨੂੰ ਅਤੇ
ਧੰਨ-ਧੰਨ ਮਾਤਾ ਸਹਿਬ ਕੌਰ ਜੀ ਦੇ ਜਨਮ ਦਿਵਸ ਨੂੰ ਸਮਰਪਿਤ

# 30ਵਾਂ
# ਸਲਾਨਾ ਗੁਰਮਤਿ ਸਮਾਗਮ

## ਗੁਰਦੁਆਰਾ ਸ਼ਹੀਦਾਂ, ਪਿੰਡ ਜੱਸੋਵਾਲ (ਬੀਹੜਾਂ)

(ਬੱਕਰਾਂ ਦੇ ਹਾਈ ਕੋਰਟ)



ਸੰਤ ਬਾਬਾ ਜਰਨੈਲ ਸਿੰਘ ਜੀ
ਖਾਲਸਾ ਭਿੰਡਰਾਂਵਾਲੇ

**ਮਿਤੀ 1 ਨਵੰਬਰ 2026 ਦਿਨ ਐਤਵਾਰ**
**ਨੂੰ ਸ਼੍ਰੀ ਅਖੰਡ ਪਾਠ ਸਾਹਿਬਾਂ ਜੀ ਦੇ ਭੋਗ ਉਪਰੰਤ ਦੀਵਾਨ ਸਜਣਗੇ।**

ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਮੈਂਬਰ ਸ਼੍ਰੋਮਣੀ ਕਮੇਟੀ, ਨਿਰਮਲੇ, ਉਦਾਸੀ, ਧਾਰਮਿਕ, ਸੰਯੁਕਤ ਕਿਸਾਨ ਮੋਰਚੇ ਦੇ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਪੰਥਕ ਅਕਾਲੀ ਦਲ ਭਾਰਤ ਅਤੇ ਯੂ.ਕੇ. ਦੇ ਸਮੂਹ ਅਹੁਦੇਦਾਰ, ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ। ਸਭ ਨੂੰ ਬੇਨਤੀ ਹੈ ਕਿ ਪਰਿਵਾਰਾਂ ਸਮੇਤ ਵੱਧ ਤੋਂ ਵੱਧ ਸੰਗਤਾਂ ਲੈ ਕੇ ਸਮਾਗਮਾਂ ਵਿੱਚ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

ਆਵਾਜ਼ਿ ਕੌਮ AWAZE QAUM International Newspaper & WEB TV

**ਗੁਰੂ ਦੇ ਲੰਗਰ ਅਤੇ ਚਾਹ-ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।**



**30 ਅਕਤੂਬਰ 2026 ਦਿਨ ਸ਼ੁੱਕਰਵਾਰ**

ਅਰੰਭ ਸ੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

**1 ਨਵੰਬਰ 2026 ਦਿਨ ਐਤਵਾਰ ਨੂੰ**

ਭੋਗ ਸ੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

ਖੁੱਲ੍ਹੇ ਪੰਡਾਲ ਵਿੱਚ ਸਵੇਰੇ 10-00 ਵਜੇ ਤੋਂ
ਸ਼ਾਮ 3-00 ਵਜੇ ਤੱਕ ਦੀਵਾਨ ਸਜਣਗੇ।

ਨੋਟ :- 20 ਅਕਤੂਬਰ ਤੋਂ 1 ਨਵੰਬਰ ਤੱਕ 13 ਦਿਨ ਸਮਾਗਮ ਚੱਲੇਗਾ।



## ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ

ਮੁੱਖ ਬੁਲਾਰਾ ਅੰਤਰਰਾਸ਼ਟਰੀ ਪੰਥਕ ਅਕਾਲੀ ਦਲ
ਮੈਂਬਰ ਐਸ.ਜੀ.ਪੀ.ਸੀ.
ਮੋ: 98141-27470, 73408-35137
ਜਾਰੀ ਕਰਤਾ :- ਜਰਨੈਲ ਸਿੰਘ ਢਿੱਲੋਂ, 84278-66404

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear death of conscience is a sure death

Sant Jarnail Singh Ji Khalsa Bhindranwale

www.damdamitaksal.net



ਦਮਦਮੀ ਟਕਸਾਲ

ਨਾਮ ਜਪੋ ਕਿਰਤ ਕਰੋ ਵੰਡ ਛਕੋ — Naam Japo Kirat Karo Vand Shako

ਜਥਾ ਭਿੰਡਰਾਂ (ਮਹਿਤਾ)

www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥

WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ

Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ

Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ

Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ

Learn Gurmukhi Punjabi

ਗਤਕਾ ਸਿੱਖੋ Learn Gatka

www.damdamitaksal.net



ਆਵਾਜ਼ਿ ਕੌਮ

Daily Newspaper from U.K.

Publisher/Chief Editor
**Raghbir Singh Walsal**

E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I

Contact :
+447458381111
+447976210161
+919729091243



ਭਾਈ ਰਘਬੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫ਼ਤਿਹ – ਪੰਥ ਕੀ ਜੀਤ

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋਂ ਪਾਵਾ ॥

ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ ਮਾਤਾ ਸਾਹਿਬ ਕੌਰ ਜੀ

# ਗੁਰਮਤਿ ਸਮਾਗਮ

1 ਨਵੰਬਰ 2026, ਦਿਨ ਐਤਵਾਰ ਨੂੰ

ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ

ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

ਲੜੀ ਆਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ

ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ

ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

**ਨੋਟ : ਇਹ ਸਮਾਗਮ 13 ਦਿਨ ਚੱਲੇਗਾ**

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।



ਬੇਨਤੀ ਕਰਤਾ

ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470

ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137

ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ

ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਢਿੱਲੋਂ, ਜ: ਮਹਿਤਾਬ ਸਿੰਘ ਢਿੱਲੋਂ

ਸੰਪਰਕ ਨੰਬਰ 84278-66404


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV



SANDWELL
NAGAR KIRTAN
ਨਗਰ ਕੀਰਤਨ
DHAN DHAN SRI GURU NANAK DEV JI PARKASH PURAB
SUNDAY 1ST NOVEMBER 2026
GURDWARA GURU HAR RAI SAHIB JI — START 9:00AM
George Street, West Bromwich
ਗੁਰਦੁਆਰਾ ਗੁਰੂ ਹਰਿ ਰਾਇ ਸਾਹਿਬ ਜੀ — ਅਰੰਭਤਾ: ੯:00 ਵਜੇ
ਜਰੋਜ ਸਟਰੀਟ, ਵੈਸਟ ਬ੍ਰਮਿਚ
GURU NANAK GURDWARA — 11:00AM
Edward Street, West Bromwich
ਗੁਰੂ ਨਾਨਕ ਗੁਰਦੁਆਰਾ — ੧੧:00 ਵਜੇ
ਏਡਵਰਡ ਸਟਰੀਟ, ਵੈਸਟ ਬ੍ਰਮਿਚ
GURDWARA AMRIT PARCHAR DHARMIK DIWAN — 1:00PM
Birmingham Road, Oldbury
ਗੁਰਦੁਆਰਾ ਅੰਮ੍ਰਿਤ ਪ੍ਰਚਾਰ ਧਾਰਮਿਕ ਦੀਵਾਨ — ੧:00 ਵਜੇ
ਬ੍ਰਮਿੰਘਮ ਰੋਡ, ਓਲਡਬਰੀ
GURDWARA GURU MANEYO GRANTH — 2:00PM
Popes Lane, Oldbury
ਗੁਰਦੁਆਰਾ ਗੁਰੂ ਮਾਨਯੋ ਗ੍ਰੰਥ — ੨:00 ਵਜੇ
ਪੋਪਸ ਲੇਨ, ਓਲਡਬਰੀ
GURDWARA BABA SANG — 3:15PM
St. Paul's Road, Smethwick
ਗੁਰਦੁਆਰਾ ਬਾਬਾ ਸੰਗ ਜੀ — ੩:੧੫ ਵਜੇ
ਸਟ, ਪੋਲਜ਼ ਰੋਡ, ਸਮੈਦਿਕ
GURU NANAK GURDWARA SMETHWICK — 4:00PM
High Street, Smethwick
ਗੁਰੂ ਨਾਨਕ ਗੁਰਦੁਆਰਾ — ੪:00 ਵਜੇ
ਸਮੈਦਿਕ
GURDWARA GURU HAR RAI SAHIB - 0121 553 7219
GURU NANAK GURDWARA SMETHWICK - 0121 558 2527
ਆਵਾਜ਼ਿ ਕੌਮ AWAZE QAUM
International Newspaper & WEB TV
GURDWARA AMRIT PARCHAR DHARMIK DIWAN OLDBURY
Gurdwara Guru Maneyo Granth OLDBURY
Sandwell


TPU - THE PANJAB UNIVERSE
LEARN | TRADE | GROW | EARN FOR LIFE
ਸਿੱਖੋ ਟਰੇਡਿੰਗ, ਬਦਲੋ ਆਪਣੀ ਜ਼ਿੰਦਗੀ
ਸਾਡੀਆਂ ਸੇਵਾਵਾਂ:
100% ਪ੍ਰੈਕਟੀਕਲ ਟਰੇਡਿੰਗ
ਲਾਈਵ ਮਾਰਕੀਟ ਸਿਖਲਾਈ
ਬਿਗਨਰ ਤੋਂ ਐਡਵਾਂਸ ਲੈਵਲ ਤੱਕ
ਇਨਕਿਊਬੇਟਰ ਗਾਈਡੈਂਸ
ਲਾਈਫ ਟਾਈਮ ਸਪੋਰਟ
ਕੋਰਸ ਵਿੱਚ ਸ਼ਾਮਲ:
ਇੰਟਰਾਡੇ
ਸਵਿੰਗ
ਆਪਸ਼ਨ
ਸਟਾਕ ਮਾਰਕੀਟ ਬੇਸਿਕ ਤੋਂ ਐਡਵਾਂਸ
ਰਿਸਕ ਮੈਨੇਜਮੈਂਟ
ਇਨਵੈਸਟਮੈਂਟ ਸਟ੍ਰੈਟਜੀ
ਪ੍ਰੈਕਟੀਕਲ ਟਰੇਡਿੰਗ ਸਿਸਟਮ
ਆਵਾਜ਼ਿ ਕੌਮ AWAZE QAUM International Newspaper & WEB TV
ਆਪਣੇ ਹੁਨਰ ਨੂੰ ਪੈਸ਼ੇ ਵਿੱਚ ਬਦਲੋ
ਘਰ ਬੈਠੇ ਡਾਲਰ ਕਮਾਓ - ਆਪਣੇ ਬੱਚਿਆਂ ਨੂੰ ਵੀ ਸ਼ਿਖਾ ਸਕਦੇ ਹੋ, ਉਹਨਾਂ ਦਾ ਭਵਿੱਖ ਸਵਾਰ ਸਕਦੇ ਹੋ
+91 76961 59766
Instagram: thepanjabuniverse / the.panjabuniverse (ਜਲੰਧਰ)
ਸਾਡਾ ਪਤਾ: Lambra near Jalandhar


ਧੰਨ ਧੰਨ ਸ੍ਰੀ ਗੁਰੂ ਰਾਮਦਾਸ ਜੀ ਦੇ
ਪ੍ਰਕਾਸ਼ ਪੁਰਬ
ਨੂੰ ਸਮਰਪਿਤ ਸਮਾਗਮ ਗੁਰਦੁਆਰਾ ਸਿੰਘ ਸਭਾ ਘੱਗਾ ਵਿਖੇ
ਮਿਤੀ:-
25, ਅਤੇ 26 ਅਕਤੂਬਰ
ਸ਼ਾਮ 6 ਵਜੇ ਤੋਂ ਰਾਤ 9 ਵਜੇ ਤੱਕ
ਦੀਵਾਨ
27 ਅਕਤੂਬਰ ਨੂੰ
ਸਵੇਰੇ 9 ਵਜੇ ਤੋਂ ਸਵੇਰੇ 11:30 ਵਜੇ ਤੱਕ
ਸਮਾਗਮ
ਬਾਬਾ ਸੁਖਵਿੰਦਰ ਸਿੰਘ ਜੀ (ਘੱਗੇ ਵਾਲੇ)
ਗਿਆਨੀ ਰਵਿੰਦਰ ਸਿੰਘ (ਦਮਦਮੀ ਟਕਸਾਲ)
ਗਿਆਨੀ ਜਗਜੀਤ ਸਿੰਘ ਜੀ (ਹੈੱਡ ਗ੍ਰੰਥੀ ਗੁ: ਨਾਢਾ ਸਾਹਿਬ)
ਗਿਆਨੀ ਜਸਵੀਰ ਸਿੰਘ ਜੀ (ਖਤਰ)
ਬਾਬਾ ਬਲਜੀਤ ਸਿੰਘ ਜੀ (ਢੱਕਰ)
ਬਾਬਾ ਦਰਸ਼ਨ ਸਿੰਘ ਜੀ
ਗਿਆਨੀ ਦਇਆ ਸਿੰਘ ਜੀ
ਭਾਈ ਗੁਰਸੇਵਕ ਸਿੰਘ ਰੰਗੀਲਾ ਜੀ (ਹਜ਼ੂਰੀ ਜੱਥਾ ਗੁ: ਦਾਦੂ ਸਾਹਿਬ)
ਬਾਬਾ ਦਲਜੀਤ ਸਿੰਘ ਜੀ (ਬਰਾਸ ਵਾਲੇ)
ਸਮੂਹ ਸੰਗਤਾਂ ਨੂੰ ਬੇਨਤੀ ਹੈ ਕਿ ਆਪ ਜੀ ਨੇ ਇਹਨਾਂ ਸਮਾਗਮਾਂ ਵਿੱਚ ਦਰਸ਼ਨ ਦੇਣ ਦੀ ਕ੍ਰਿਪਾਲਤਾ ਕਰਨੀ ਜੀ।
ਮੋ. 90411-47540, 90413-28422, 91150-66349
ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਜਥੇਦਾਰ ਬਲਜੀਤ ਸਿੰਘ ਜੀ ਦਾਦੂਵਾਲ
ਸਮੂਹ ਗੁਰਦੁਆਰਾ ਪ੍ਰਬੰਧਕ ਕਮੇਟੀ, ਅਤੇ ਸਮੂਹ ਸਾਧਸੰਗਤ, ਘੱਗਾ


7ਵਾਂ ਸਾਲਾਨਾ ਗੁਰਮਤਿ ਸਮਾਗਮ
ਪਿੰਡ ਸੰਗਤਪੁਰਾ ਮੋਹਾਲੀ
21 ਤੋਂ 25 ਅਕਤੂਬਰ 2026
ਸਮਾ: ਸ਼ਾਮ 6 ਤੋਂ 10 ਵਜੇ ਤੱਕ
ਦਸਤਾਰ ਬੰਦੀ ਮੁਕਾਬਲੇ
23 ਅਕਤੂਬਰ 2026 ਸਵੇਰ 10 ਵਜੇ
ਲੰਬੇ ਕੇਸ ਮੁਕਾਬਲੇ
ਅੰਮ੍ਰਿਤ ਸੰਚਾਰ
25 ਅਕਤੂਬਰ, ਸ਼ਾਮ 5 ਵਜੇ
ਸੰਗਤਾਂ ਲਈ ਬੱਸਾਂ ਦੀ ਸੇਵਾ ਮੁਫ਼ਤ ਲਗਾਈ ਜਾਵੇਗੀ
ਗੁਰੂ ਕਾ ਲੰਗਰ ਅਤੁੱਟ ਵਰਤੇਗਾ
ਖੂਨਦਾਨ ਕੈਂਪ
23 ਅਕਤੂਬਰ, ਸਵੇਰੇ 10 ਵਜੇ
ਮੈਡੀਕਲ ਕੈਂਪ 5 ਦਿਨ
DARVESH TV
LIVE ON
ਸੰਪਰਕ :-
62845-76824
94642-46744
SCAN FOR LOCATION
ਬਾਬਾ ਇਸ਼ਰ ਸਿੰਘ ਜੀ
ਸੰਗਤਪੁਰੇ ਵਾਲੇ
ਵਿਸ਼ੇਸ਼ ਹਾਜ਼ਰੀ
ਸੰਤ ਬਾਬਾ ਗੁਲਾਬ ਸਿੰਘ ਜੀ
ਸ੍ਰੀ ਚਮਕੌਰ ਸਾਹਿਬ ਵਾਲੇ
ਬੇਨਤੀ ਕਰਤਾ :- ਬਾਬਾ ਇਸ਼ਰ ਸਿੰਘ ਜੀ ਸੰਗਤਪੁਰੇ ਵਾਲੇ ਅਤੇ ਸਮੂਹ ਇਲਾਕਾ ਨਿਵਾਸੀ ਪਿੰਡ ਸੰਗਤਪੁਰਾ



ਕਥਾ ਵਿਚਾਰ
ਗੁਰਦੁਆਰਾ ਸ੍ਰੀ
ਬੰਗਲਾ ਸਾਹਿਬ ਵਿਖੇ
ਮਿਤੀ 23 ਅਕਤੂਬਰ ਦਿਨ ਸ਼ੁੱਕਰਵਾਰ
ਮਿਤੀ 24 ਅਕਤੂਬਰ ਦਿਨ ਸ਼ਨਿੱਚਰਵਾਰ
ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਖਾਲਸਾ
ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ
ਸੰਪਰਕ : 98140-13915
ਸਿੱਧਾ ਪ੍ਰਸਾਰਨ : CHARDIKLA TIME TV
ਸਮਾਂ : ਸਵੇਰੇ 7.30 ਤੋਂ 8.30 ਤੱਕ




ੴ ਸਤਿਨਾਮੁ ਵਾਹਿਗੁਰੂ
7ਵਾਂ ਸਲਾਨਾ
ਗੁਰਮਤਿ ਸਮਾਗਮ
ਪਿੰਡ ਸੰਗਤਪੁਰਾ ਮੋਹਾਲੀ
21 ਤੋਂ 25 ਅਕਤੂਬਰ 2026
ਸਮਾਂ ਸ਼ਾਮ 6 ਤੋਂ 10 ਵਜੇ ਤੱਕ
ਪੰਥ ਪ੍ਰਸਿੱਧ ਸਿੱਖ ਪ੍ਰਚਾਰਕ
ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ
23 ਅਕਤੂਬਰ ਸ਼ਾਮ 7 ਤੋਂ 10 ਵਜੇ ਤੱਕ
ਧਾਰਮਿਕ ਦੀਵਾਨ ਸਜਾਉਣਗੇ
ਸਰਬੱਤ ਸੰਗਤਾਂ ਸਮੇਂ ਸਿਰ ਪੁੱਜ ਕੇ
ਨਾਮ ਬਾਣੀ ਕਥਾ ਕੀਰਤਨ ਦਾ
ਲਾਹਾ ਪ੍ਰਾਪਤ ਕਰੋ ਜੀ
ਬੇਨਤੀ ਕਰਤਾ -
ਬਾਬਾ ਈਸਰ ਸਿੰਘ ਸੰਗਤਪੁਰੇ ਵਾਲੇ, ਬਾਬਾ ਗੁਲਾਬ ਸਿੰਘ ਚਮਕੌਰ ਸਾਹਿਬ ਵਾਲੇ
ਅਤੇ ਸਮੂਹ ਸਾਧਸੰਗਤ ਨਗਰ ਅਤੇ ਇਲਾਕਾ ਨਿਵਾਸੀ ਸੰਗਤਪੁਰਾ ਮੋਹਾਲੀ ਨਿਊ ਚੰਡੀਗੜ੍ਹ
ਗੁਰੂ ਕਾ ਲੰਗਰ
ਅਤੁੱਟ ਵਰਤੇਗਾ

ਅਕਾਲ ਯੂਨੀਵਰਸਿਟੀ ਦੇ ਵਿਦਿਆਰਥੀਆਂ ਦਾ ਨੈਸ਼ਨਲ ਫਰਟੀਲਾਈਜ਼ਰਜ਼ ਲਿਮਟਿਡ ਬਠਿੰਡਾ ਦਾ

# ਕਰਵਾਇਆ ਗਿਆ ਉਦਯੋਗਿਕ ਦੌਰਾ







**ਤਲਵੰਡੀ ਸਾਬੋ**, 23 **ਅਕਤੂਬਰ (ਗੁਰਜੰਟ ਸਿੰਘ ਨਥੇਹਾ)**- ਅਕਾਲ ਯੂਨੀਵਰਸਿਟੀ ਤਲਵੰਡੀ ਸਾਬੋ ਦੇ ਭੌਤਿਕ ਵਿਭਾਗ ਵੱਲੋਂ 09 ਅਕਤੂਬਰ ਨੂੰ ਬੀ.ਐਸਸੀ. ਤੀਜਾ ਸਾਲ ਅਤੇ ਐਮ.ਐਸਸੀ. ਦੇ ਵਿਦਿਆਰਥੀਆਂ ਲਈ ਨੈਸ਼ਨਲ ਫਰਟੀਲਾਈਜ਼ਰਜ਼ ਲਿਮਟਿਡ ਦੇ ਬਠਿੰਡਾ ਪਲਾਂਟ ਦਾ ਇੱਕ ਉਦਯੋਗਿਕ ਦੌਰਾ ਕਰਵਾਇਆ ਗਿਆ। ਇਸ ਦੌਰੇ ਵਿੱਚ ਵਿਭਾਗ ਦੇ ਅਧਿਆਪਕਾਂ ਸਮੇਤ ਕੁੱਲ 26 ਵਿਦਿਆਰਥੀਆਂ ਨੇ ਹਿੱਸਾ ਲਿਆ। ਇਸ ਦੌਰੇ ਦਾ ਮੁੱਖ ਮੰਤਵ ਵਿਦਿਆਰਥੀਆਂ ਨੂੰ ਇੱਕ ਵੱਡੀ ਉਦਯੋਗਿਕ ਇਕਾਈ ਦੇ ਕੰਮਕਾਜ ਦਾ ਵਿਹਾਰਕ ਅਨੁਭਵ ਪ੍ਰਦਾਨ ਕਰਨਾ ਅਤੇ ਕਲਾਸਰੂਮ ਵਿੱਚ ਪੜ੍ਹੇ ਗਏ ਸਿਧਾਂਤਾਂ ਨੂੰ ਅਸਲ ਉਪਯੋਗਾਂ ਨਾਲ ਜੋੜਨ ਵਿੱਚ ਮਦਦ ਕਰਨਾ ਸੀ। ਪਲਾਂਟ ਪਹੁੰਚਣ 'ਤੇ ਅਧਿਕਾਰੀਆਂ ਵੱਲੋਂ ਦਾ ਸਾਰਿਆਂ ਦਾ ਸਵਾਗਤ ਕਰਦਿਆਂ ਦੇਸ਼ ਦੇ ਖੇਤੀਬਾੜੀ ਖੇਤਰ ਵਿੱਚ ਐਨ.ਐਫ.ਐਲ. ਦੇ ਇਤਿਹਾਸ, ਕਾਰਜਪ੍ਰਣਾਲੀ ਅਤੇ ਮਹੱਤਵ ਬਾਰੇ ਜਾਣਕਾਰੀ ਦਿੱਤੀ। ਇਸ ਦੇ ਨਾਲ ਹੀ ਵਿਦਿਆਰਥੀਆਂ ਨੂੰ ਪਲਾਂਟ ਦੇ ਅੰਦਰ ਪਾਲਣ ਕੀਤੇ ਜਾਣ ਵਾਲੇ ਸੁਰੱਖਿਆ ਨਿਯਮਾਂ ਅਤੇ ਸਾਵਧਾਨੀਆਂ ਬਾਰੇ ਹਦਾਇਤਾਂ ਦਿੱਤੀਆਂ ਗਈਆਂ। ਇਸ ਤੋਂ ਬਾਅਦ ਉਨ੍ਹਾਂ ਨੂੰ ਪਲਾਂਟ ਦੇ ਵੱਖ-ਵੱਖ ਹਿੱਸਿਆਂ ਦਾ ਦੌਰਾ ਕਰਵਾਇਆ ਗਿਆ, ਜਿੱਥੇ ਇੰਜੀਨੀਅਰਾਂ ਅਤੇ ਤਕਨੀਕੀ ਅਮਲੇ ਨੇ ਯੂਰੀਆ ਬਣਾਉਣ ਦੀ ਪ੍ਰਕਿਰਿਆ, ਮੁੱਖ ਮਸ਼ੀਨਰੀ ਅਤੇ ਯੂਟੀਲਿਟੀ ਤੇ ਪਾਵਰ ਸਿਸਟਮਾਂ ਬਾਰੇ ਵਿਸਥਾਰ ਨਾਲ ਦੱਸਿਆ। ਵਿਦਿਆਰਥੀਆਂ ਨੇ ਇੰਸਟਰੂਮੈਂਟੇਸ਼ਨ ਅਤੇ ਕੰਟਰੋਲ ਰੂਮ ਰਾਹੀਂ ਤਾਪਮਾਨ, ਦਬਾਅ ਅਤੇ ਵਹਾਅ ਦੀ ਨਿਗਰਾਨੀ ਤੇ ਨਿਯੰਤਰਣ ਬਾਰੇ ਸਿੱਖਿਆ ਅਤੇ ਦੇਖਿਆ ਕਿ ਹੀਟ ਟ੍ਰਾਂਸਫਰ, ਫਲੂਇਡ ਫਲੋ ਅਤੇ ਪ੍ਰੈਸ਼ਰ ਸਿਸਟਮ ਵਰਗੇ ਭੌਤਿਕ ਵਿਗਿਆਨ ਦੇ ਸਿਧਾਂਤ ਉਦਯੋਗਿਕ ਪੱਧਰ 'ਤੇ ਕਿਵੇਂ ਲਾਗੂ ਹੁੰਦੇ ਹਨ। ਅਧਿਕਾਰੀਆਂ ਨੇ ਕੁਆਲਿਟੀ ਕੰਟਰੋਲ, ਵਾਤਾਵਰਣ ਸੁਰੱਖਿਆ ਉਪਾਵਾਂ ਅਤੇ ਉਦਯੋਗਿਕ ਕਾਰਜ-ਸਥਾਨ 'ਤੇ ਅਨੁਸ਼ਾਸਨ ਤੇ ਟੀਮ ਵਰਕ ਦੀ ਮਹੱਤਤਾ ਬਾਰੇ ਵੀ ਚਰਚਾ ਕੀਤੀ। ਵਿਦਿਆਰਥੀਆਂ ਨੇ ਪੂਰੇ ਦੌਰੇ ਦੌਰਾਨ ਭਰਪੂਰ ਦਿਲਚਸਪੀ ਦਿਖਾਈ, ਕਈ ਸਵਾਲ ਪੁੱਛੇ ਅਤੇ ਪਲਾਂਟ ਦੇ ਕਰਮਚਾਰੀਆਂ ਵੱਲੋਂ ਤਸੱਲੀਬਖਸ਼ ਜਵਾਬ ਪ੍ਰਾਪਤ ਕੀਤੇ। ਦੌਰੇ ਦੀ ਸਮਾਪਤੀ ਇੱਕ ਸੰਖੇਪ ਵਿਚਾਰ-ਵਟਾਂਦਰਾ ਸੈਸ਼ਨ ਨਾਲ ਹੋਈ, ਜਿਸ ਵਿੱਚ ਵਿਦਿਆਰਥੀਆਂ ਨੂੰ ਉਦਯੋਗਿਕ ਖੇਤਰ ਵਿੱਚ ਕਰੀਅਰ ਦੇ ਮੌਕਿਆਂ ਅਤੇ ਲੋੜੀਂਦੇ ਹੁਨਰਾਂ ਬਾਰੇ ਜਾਣੂ ਕਰਵਾਇਆ ਗਿਆ। ਇਹ ਦੌਰਾ ਸਾਰੇ ਪ੍ਰਤੀਭਾਗੀਆਂ ਲਈ ਬਹੁਤ ਜਾਣਕਾਰੀ ਭਰਪੂਰ ਅਤੇ ਉਤਸ਼ਾਹਜਨਕ ਸਾਬਤ ਹੋਇਆ ਅਤੇ ਵਿਭਾਗ ਵੱਲੋਂ ਐਨ.ਐਫ.ਐਲ. ਪ੍ਰਬੰਧਕਾਂ ਅਤੇ ਸਟਾਫ਼ ਦਾ ਉਹਨਾਂ ਦੇ ਸਹਿਯੋਗ ਅਤੇ ਨਿੱਘੀ ਮਹਿਮਾਨ ਨਿਵਾਜ਼ੀ ਲਈ ਧੰਨਵਾਦ ਕੀਤਾ ਗਿਆ।

## ਬੈਲਜੀਅਮ ਧਾਰਮਿਕ ਸੰਸਥਾਵਾਂ ਵੱਲੋਂ ਧਰਮ ਰਜਿਸਟਰ ਕਰਵਾਉਣ ਲਈ ਇਕੱਤਰਤਾ ਚ ਸਮੂੱਹ ਸੰਸਥਾਵਾਂ ਕਰਨ ਆਪਸੀ ਸਹਿਯੋਗ: ਪੰਥਕ ਜਥੇਬੰਦੀਆਂ ਜਰਮਨੀ

### ਬੈਲਜੀਅਮ ਦੀ ਸੰਗਤ ਵੱਲੋਂ ਕੀਤੇ ਜਾਣ ਵਾਲੇ ਉੱਦਮ ਬਾਕੀ ਯੂਰਪੀਅਨ ਦੇਸ਼ਾਂ ਲਈ ਹੋਣਗੇ ਮਾਰਗਦਰਸ਼ਨ



ਨਵੀਂ ਦਿੱਲੀ 23 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ):- ਸਿਖ ਧਰਮ ਨੂੰ ਰਜਿਸਟਰ ਕਰਵਾਉਣ ਲਈ ਯੁਰਪ ਵਿੱਚ ਬਹੁਤ ਵੱਡੀ ਮੁਸ਼ਕਲ ਆ ਰਹੀ ਹੈ। ਭਾਵੇਂ ਇਹ ਮੋਰਚਾ ਅਸਟਰੀਆ ਦੀਆਂ ਸੰਗਤਾਂ ਨੇ ਫਤਿਹ ਕਰ ਲਿਆ ਹੈ। ਪਰ ਬਾਕੀ ਯੁਰਪੀਅਨ ਦੇਸ਼ਾਂ ਚ ਬਹੁਤ ਵੱਡੀ ਮੁਸ਼ਕਲ ਜਿੱਥੇ ਸਰਕਾਰਾਂ ਵੱਲੋਂ ਆ ਰਹੀ ਹੈ ਉੱਥੇ ਆਪਸੀ ਸੰਸਥਾਵਾਂ ਦੀ ਇੱਕ ਸੁਰ ਨਾਂ ਹੋਣਾ ਵੀ ਕਾਰਨ ਹੈ। ਬੈਲਜੀਅਮ ਚ ਦੋ ਸੰਸਥਾਵਾਂ ਵੱਲੋਂ ਧਰਮ ਰਜਿਸਟਰ ਕਰਾਉਣ ਲਈ ਉੱਦਮ ਕੀਤਾ ਗਿਆ ਪਰ ਸਰਕਾਰ ਵੱਲੋਂ ਇਹ ਕਹਿ ਕੇ ਗੱਲ ਅੱਗੇ ਕਰ ਦਿੱਤੀ ਗਈ ਕਿ ਸਿੱਖਾਂ ਦੀ ਇੱਕ ਸੰਸਥਾ ਜੋ ਸਰਬਪ੍ਰਵਾਨ ਹੋਵੇ ਇਸ ਕਾਰਜ ਲਈ ਸ਼ਾਡੇ ਨਾਲ ਗੱਲ ਅੱਗੇ ਚਲਾ ਸਕਦੀ ਹੈ। ਜਿਸ ਨੂੰ ਸਮਝਦੇ ਹੋਏ ਕੁੱਝ ਪੰਥਕ ਵੀਰਾਂ ਵੱਲੋ 25 ਅਕਤੂਬਰ ਦਿਨ ਐਤਵਾਰ ਦੋਨਾਂ ਗਰੁੱਪਾ ਸਮੇਤ ਸਮੂਹ ਗੁਰਦੁਆਰਾ ਸਾਹਿਬਾਨਾਂ , ਸੰਸਥਾਵਾਂ ਅਤੇ ਸਿੱਖ ਸੰਗਤਾਂ ਨੂੰ ਇਸ ਮੀਟਿੰਗ ਚ ਸਮੂਹਲੀਅਤ ਕਰਨ ਦੀ ਬੇਨਤੀ ਕੀਤੀ ਗਈ ਹੈ। ਜਰਮਨੀ ਦੀਆਂ ਪੰਥਕ ਜੱਥੇਬੰਦੀਆਂ ਸਿੱਖ ਫੈਡਰੇਸ਼ਨ ਜਰਮਨੀ ਭਾਈ ਗੁਰਮੀਤ ਸਿੰਘ ਖਨਿਆਣ , ਭਾਈ ਗੁਰਦਿਆਲ ਸਿੰਘ ਲਾਲੀ, ਬੱਬਰ ਖਾਲਸਾ ਜਰਮਨੀ ਜਥੇਦਾਰ ਰੇਸ਼ਮ ਸਿੰਘ ਬੱਬਰ, ਭਾਈ ਰਜਿੰਦਰ ਸਿੰਘ ਬੱਬਰ, ਇੰਟਰਨੇਸਨਲ ਸਿੱਖ ਫੈਡਰੇਸ਼ਨ ਜਰਮਨੀ ਭਾਈ ਲਖਵਿੰਦਰ ਸਿੰਘ ਮੱਲ੍ਹੀ, ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਜਰਮਨੀ ਭਾਈ ਹੀਰਾ ਸਿੰਘ ਮੱਤੇਵਾਲ, ਦਲ ਖਾਲਸਾ ਜਰਮਨੀ ਭਾਈ ਹਰਮੀਤ ਸਿੰਘ, ਭਾਈ ਅੰਗਰੇਜ਼ ਸਿੰਘ ਵੱਲੋਂ ਬੈਲਜੀਅਮ ਦੀਆਂ ਸਮੂੱਹ ਗੁਰਦੁਆਰਾ ਸਹਿਬਾਨਾ, ਸੰਸਥਾਵਾਂ ਅਤੇ ਸਮੁੱਚੀ ਸਾਧ-ਸੰਗਤ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਇਸ ਮੀਟਿੰਗ ਚ ਆਪਣੀ ਹਾਜਰੀ ਭਰ ਇਸ ਕਾਰਜ ਦੀ ਸੰਪੂਰਨਤਾ ਲਈ ਸਰਬਸੰਮਤੀ ਨਾਲ ਇੱਕ ਸੰਸਥਾ ਬਣਾਉਣ। ਧਰਮ ਰਜਿਸਟਰ ਕਰਾਉਣ ਵਾਲੀ ਸਮੱਸਿਆ ਯੁਰਪ ਦੇ ਕਾਫ਼ੀ ਦੇਸ਼ਾਂ ਵਿੱਚ ਹੈ ਜਿਸ ਕਰਕੇ ਅਸੀਂ ਅਪਣੇ ਧਰਮਾਂ ਚਿੰਨਾਂ ਨੂੰ ਧਾਰਨ ਕਰਨ ਅਤੇ ਹੋਰ ਸਹੂਲਤਾਂ ਤੋਂ ਵਾਂਝੇ ਹਾਂ। ਇਹ ਹੀ ਕਾਰਨ ਹੈ ਕਿ ਅਸੀ ਸਮਾਜਿਕ ਤੌਰ ਤੇ ਆ ਰਹੀਆਂ ਮੁਸ਼ਕਲਾਂ ਦਾ ਹੱਲ ਨਹੀਂ ਕਰ ਸਕਦੇ। ਸਾਨੂੰ ਅਪਣੇ ਨਿੱਜ ਤੋਂ ਉੱਪਰ ਉੱਠ ਇਸ ਕਾਰਜ ਲਈ ਸਹਿਰਦ ਹੋਣਾ ਅਤੀ ਜ਼ਰੂਰੀ ਹੈ। ਬੈਲਜੀਅਮ ਦੀ ਸਮੁੱਚੀ ਸੰਗਤ ਅਤੇ ਸੰਸਥਾਵਾਂ ਤੋ ਇਸ ਦੀ ਉਮੀਦ ਕਰਦੇ ਹਾਂ ਕਿ ਉਹ ਸਿੱਖ ਧਰਮ ਨੂੰ ਰਜਿਸਟਰ ਕਰਵਾ ਯੁਰਪ ਵਿੱਚ ਹੋਰ ਦੇਸ਼ਾਂ ਲਈ ਮਾਰਗਦਰਸ਼ਨ ਦਰਸ਼ਨ ਬਣਨ।





## ਜਨਮ ਦਿਨ ਮੁਬਾਰਕ

**ਜਪਨੂਰ ਕੌਰ**
ਪਿਤਾ ਦੀਦਾਰ ਸਿੰਘ
ਮਾਤਾ ਕੁਲਦੀਪ ਕੌਰ (ਫੋਟੋ ਵੇਰਵਾ ਬਾਬਾ ਸੁਖਵੰਤ ਸਿੰਘ ਚੰਨਣਕੇ ਚੌਂਕ ਮਹਿਤਾ)

### ਤਾਮਿਲਨਾਡੂ 'ਚ ਆਰਐਸਐਸ ਦੇ ਯੂਨੀਫਾਰਮ ਮਾਰਚਾਂ 'ਤੇ ਰੋਕ ਲਗਾਉਣ ਦੀ ਮੰਗ

# ਤਾਮਿਲ ਸਿੱਖ ਸੰਗਤ ਨੇ ਡੀ ਜੀ ਪੀ ਨੂੰ ਭੇਜੀ ਪਟੀਸ਼ਨ



Nanak seeks the company of the lowest of the low class, the very lowest of the low. - Guru Nanak ji

ੴ

Tamil-Sikh Cultural Brotherhood and Educational Foundation

Chairman: S.Selva Singh B.E., LLB.

Email : tamilsikhbcaef22@gmail.com    Contact No : +91 9442982996

To:

22.10.2026

The Director General of Police (DGP)
Tamil Nadu Police Headquarters
Dr. Radhakrishnan Salai, Mylapore
Chennai, Tamil Nadu – 600004.

Subject: Petition requesting that permission not be granted for RSS uniform marches in Tamil Nadu in order to protect public peace, law and order, and social harmony.

Respected Sir,

Greetings.

On behalf of the Tamil Sikh Sangat, we respectfully submit this petition with a sense of social responsibility and faith in the rule of law.

Our organisation has been working continuously to promote equality and brotherhood among the people of Tamil Nadu, based on the teachings of the Sikh Gurus and in opposition to caste-based dominance. Following the principles of social reformers, including Thanthai Periyar, Tamil Nadu has long stood for social justice, secularism, the rejection of caste discrimination, and peace. Protecting this social environment is also a constitutional duty of every citizen under Article 51A of the Indian Constitution.

In this context, we respectfully request that the police not grant permission for the uniform marches and processions planned by the Rashtriya Swayamsevak Sangh (RSS) in various districts of Tamil Nadu, in the interest of public welfare.

We present the following legal and social grounds in support of our request.

1. Law and Order and Public Peace

Article 19(1)(b) of the Indian Constitution guarantees citizens the right to assemble peacefully and without arms. However, Article 19(3) allows reasonable restrictions on this right in the interests of public order and the sovereignty and integrity of India. The government and the police have the legal authority to impose such restrictions in accordance with the law.

Holding such marches in sensitive areas may create tension among the public and could lead to law-and-order problems. Therefore, the possible impact of these events on public peace and safety must be carefully considered before granting permission.

2. Concerns Regarding Social Harmony

Tamil Nadu's unique social fabric and secular environment must be protected. Uniformed marches conducted in public places, particularly those resembling military style processions, may create unnecessary fear and division among minority communities and socially oppressed sections of society.

Such events could pose a risk to the social harmony and peace that Tamil Nadu has maintained over the years.

Arivukalam, Subramaniyapuram Road Korampallam,
Tuticorin, Tamilnadu, PIN 628101.

**ਨਵੀਂ ਦਿੱਲੀ, 23 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ)**:- ਤਾਮਿਲ ਸਿੱਖ ਸੰਗਤ ਦੇ ਪ੍ਰਧਾਨ ਐਡਵੋਕੇਟ ਸੇਲਵਾ ਸਿੰਘ ਨੇ ਤਾਮਿਲਨਾਡੂ ਦੇ ਡੀਜੀਪੀ ਨੂੰ ਪਟੀਸ਼ਨ ਭੇਜ ਕੇ ਸੂਬੇ ਦੇ ਵੱਖ-ਵੱਖ ਜ਼ਿਲ੍ਹਿਆਂ ਵਿੱਚ ਆਰਐਸਐਸ ਵੱਲੋਂ ਕੱਢੇ ਜਾਣ ਵਾਲੇ ਯੂਨੀਫਾਰਮ ਮਾਰਚਾਂ ਅਤੇ ਜਲੂਸਾਂ ਨੂੰ ਇਜਾਜ਼ਤ ਨਾ ਦੇਣ ਦੀ ਮੰਗ ਕੀਤੀ ਹੈ। ਪਟੀਸ਼ਨ ਵਿੱਚ ਕਿਹਾ ਗਿਆ ਹੈ ਕਿ ਤਾਮਿਲਨਾਡੂ ਦੀ ਧਰਮ-ਨਿਰਪੱਖਤਾ, ਸਮਾਜਿਕ ਨਿਆਂ ਅਤੇ ਸਮਾਜਿਕ ਸਦਭਾਵਨਾ ਵਾਲੀ ਵਿਲੱਖਣ ਪਹਿਚਾਣ ਨੂੰ ਕਾਇਮ ਰੱਖਣਾ ਸਰਕਾਰ ਅਤੇ ਪੁਲਿਸ ਦੀ ਜ਼ਿੰਮੇਵਾਰੀ ਹੈ। ਸੰਗਤ ਨੇ ਸੰਵਿਧਾਨ ਦੇ ਆਰਟੀਕਲ 19(1)(ਬੀ) ਅਤੇ 19(3) ਦਾ ਹਵਾਲਾ ਦਿੰਦਿਆਂ ਕਿਹਾ ਕਿ ਜਿੱਥੇ ਸ਼ਾਂਤਮਈ ਇਕੱਠ ਦਾ ਅਧਿਕਾਰ ਹੈ, ਉੱਥੇ ਜਨਤਕ ਅਮਨ ਅਤੇ ਕਾਨੂੰਨ-ਵਿਵਸਥਾ ਦੇ ਹਿੱਤ ਵਿੱਚ ਵਾਜਬ ਪਾਬੰਦੀਆਂ ਲਗਾਉਣ ਦਾ ਅਧਿਕਾਰ ਵੀ ਸਰਕਾਰ ਕੋਲ ਹੈ।ਪਟੀਸ਼ਨ ਵਿੱਚ ਯੂਨੀਫਾਰਮਧਾਰੀ, ਫੌਜੀ ਅੰਦਾਜ਼ ਵਾਲੇ ਮਾਰਚਾਂ ਨੂੰ ਘੱਟਗਿਣਤੀਆਂ ਅਤੇ ਸਮਾਜ ਦੇ ਦੱਬੇ-ਕੁਚਲੇ ਵਰਗਾਂ ਵਿੱਚ ਡਰ ਜਾਂ ਵੰਡ ਦੀ ਭਾਵਨਾ ਪੈਦਾ ਕਰਨ ਵਾਲਾ ਸੰਭਾਵਿਤ ਕਾਰਕ ਦੱਸਦਿਆਂ ਪ੍ਰਸ਼ਾਸਨ ਨੂੰ ਇਨ੍ਹਾਂ ਦੇ ਸਮਾਜਿਕ ਪ੍ਰਭਾਵ ਬਾਰੇ ਗੰਭੀਰਤਾ ਨਾਲ ਵਿਚਾਰ ਕਰਨ ਦੀ ਅਪੀਲ ਕੀਤੀ ਗਈ ਹੈ। ਤਾਮਿਲ ਸਿੱਖ ਸੰਗਤ ਨੇ ਪੁਲਿਸ ਪ੍ਰਸ਼ਾਸਨ ਨੂੰ ਇਹ ਵੀ ਅਪੀਲ ਕੀਤੀ ਹੈ ਕਿ ਕਿਸੇ ਵੀ ਸੰਗਠਨ ਨੂੰ ਜਨਤਕ ਮਾਰਚ ਦੀ ਇਜਾਜ਼ਤ ਦੇਣ ਤੋਂ ਪਹਿਲਾਂ ਉਸ ਦੀ ਕਾਨੂੰਨੀ ਸਥਿਤੀ, ਰਜਿਸਟ੍ਰੇਸ਼ਨ ਅਤੇ ਸਾਰੇ ਲਾਗੂ ਕਾਨੂੰਨਾਂ ਦੀ ਪਾਲਣਾ ਦੀ ਪੂਰੀ ਜਾਂਚ ਕੀਤੀ ਜਾਵੇ। ਸੰਗਤ ਨੇ ਕਿਹਾ ਕਿ ਅਜਿਹੇ ਮਾਰਚਾਂ ਲਈ ਵੱਡੀ ਗਿਣਤੀ ਵਿੱਚ ਪੁਲਿਸ ਬਲ ਤਾਇਨਾਤ ਕਰਨ ਨਾਲ ਪੁਲਿਸ ਦੇ ਸਰੋਤਾਂ 'ਤੇ ਵਾਧੂ ਬੋਝ ਪੈ ਸਕਦਾ ਹੈ ਅਤੇ ਆਮ ਲੋਕਾਂ ਦੀ ਸੁਰੱਖਿਆ ਪ੍ਰਭਾਵਿਤ ਹੋ ਸਕਦੀ ਹੈ। ਪਟੀਸ਼ਨ ਦੇ ਅਖੀਰ ਵਿੱਚ ਸਪੱਸ਼ਟ ਚੇਤਾਵਨੀ ਦਿੰਦਿਆਂ ਕਿਹਾ ਗਿਆ ਹੈ ਕਿ ਜੇਕਰ ਇਸ ਦੇ ਬਾਵਜੂਦ ਆਰਐਸਐਸ ਨੂੰ ਮਾਰਚਾਂ ਦੀ ਇਜਾਜ਼ਤ ਦਿੱਤੀ ਜਾਂਦੀ ਹੈ ਤਾਂ ਤਾਮਿਲ ਸਿੱਖ ਸੰਗਤ ਹੋਰ ਪ੍ਰਗਤੀਸ਼ੀਲ ਸੰਗਠਨਾਂ ਨਾਲ ਮਿਲ ਕੇ ਕਾਨੂੰਨ ਦੇ ਦਾਇਰੇ ਵਿੱਚ 'ਨਿਹੰਗ ਸਿੰਘ ਰੈਲੀ' ਕੱਢਣ ਲਈ ਮਜਬੂਰ ਹੋਵੇਗੀ। ਸੰਗਤ ਨੇ ਕਿਹਾ ਕਿ ਇਸ ਰੈਲੀ ਦਾ ਉਦੇਸ਼ ਵੰਡਪਾਊ ਰੁਝਾਨਾਂ ਦਾ ਵਿਰੋਧ ਕਰਨਾ ਅਤੇ ਤਾਮਿਲਨਾਡੂ ਵਿੱਚ ਸਮਾਜਿਕ ਸਦਭਾਵਨਾ, ਬਰਾਬਰੀ, ਧਰਮ-ਨਿਰਪੱਖਤਾ ਅਤੇ ਅਮਨ ਦੀ ਆਵਾਜ਼ ਬੁਲੰਦ ਕਰਨਾ ਹੋਵੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

**ਜ਼ੇਕਰ ਆਰਐਸਐਸ ਨੂੰ ਮਾਰਚ ਦੀ ਇਜਾਜ਼ਤ ਮਿਲੀ ਤਾਂ ਤਾਮਿਲਨਾਡੂ 'ਚ 'ਨਿਹੰਗ ਸਿੰਘ ਰੈਲੀ' ਨਾਲ ਦਿੱਤਾ ਜਾਵੇਗਾ ਜਵਾਬ**

## ਖ਼ਾਲਸਾ ਕਾਲਜ ਮਹਿਤਾ ਦੇ ਵਿਦਿਆਰਥੀਆਂ ਵੱਲੋਂ ਗੁਰਦੁਆਰਾ ਬਾਬਾ ਜਵਾਹਰ ਦਾਸ ਜੀ ਦੇ ਦਰਸ਼ਨ ਦੀਦਾਰੇ ਕੀਤੇ ਗਏ





**ਚੌਂਕ ਮਹਿਤਾ,24 ਅਕਤੂਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਦਮਦਮੀ ਟਕਸਾਲ ਦੇ ਮੌਜੂਦਾ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸ਼੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਜੀ ਦੀ ਰਹਿਨੁਮਾਈ ਹੇਠ ਚੱਲ ਰਹੇ ਵਿਦਿਅਕ ਅਦਾਰੇ ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਕਾਲਜ ਅਤੇ ਕਾਲਜੀਏਟ ਸਕੂਲ, ਮਹਿਤਾ ਦੇ ਵਿਦਿਆਰਥੀਆਂ ਅਤੇ ਅਧਿਆਪਕਾਂ ਵੱਲੋਂ ਅੱਜ ਗੁਰਦੁਆਰਾ ਬਾਬਾ ਜਵਾਹਰ ਦਾਸ ਜੀ, ਪਿੰਡ ਸੁੱਸਾ, ਜ਼ਿਲ੍ਹਾ ਹੁਸ਼ਿਆਰਪੁਰ ਵਿਖੇ ਨਤਮਸਤਕ ਹੋ ਕੇ ਗੁਰੂ ਘਰ ਦੀਆਂ ਖ਼ੁਸ਼ੀਆਂ ਪ੍ਰਾਪਤ ਕੀਤੀਆਂ ਗਈਆਂ। ਇਸ ਮੌਕੇ ਸ੍ਰੀ ਅਖੰਡ ਸਾਹਿਬ ਦੇ ਭੋਗ ਪਾਏ ਗਏ ਅਤੇ ਵਿਦਿਆਰਥੀਆਂ ਦੀ ਚੜ੍ਹਦੀ ਕਲਾ, ਸੁੱਖ-ਸ਼ਾਂਤੀ ਅਤੇ ਚੰਗੇ ਭਵਿੱਖ ਲਈ ਅਰਦਾਸ ਕੀਤੀ ਗਈ। ਇਸ ਧਾਰਮਿਕ ਟੂਰ ਦੌਰਾਨ ਵਿਸ਼ੇਸ਼ ਤੌਰ 'ਤੇ ਅਧਿਆਪਕਾਂ ਨੂੰ ਸਨਮਾਨਿਤ ਕੀਤਾ ਗਿਆ। ਵਿਦਿਆਰਥੀਆਂ ਨੇ ਸ਼ਰਧਾ ਅਤੇ ਸਤਿਕਾਰ ਨਾਲ ਲੰਗਰ ਛਕਿਆ।ਇਸ ਮੌਕੇ ਵਿਦਿਆਰਥੀਆਂ ਨੂੰ ਗੁਰਦੁਆਰਾ ਸਾਹਿਬ ਦੀ ਇਤਿਹਾਸ ਅਤੇ ਇਸ ਨਾਲ ਜੁੜੀਆਂ ਧਾਰਮਿਕ ਮਾਨਤਾਵਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ। ਉਨ੍ਹਾਂ ਨੂੰ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਜੀ ਵੱਲੋਂ ਇਸ ਗੁਰਦੁਆਰਾ ਸਾਹਿਬ ਲਈ ਕੀਤੀ ਗਈ ਸੇਵਾ ਬਾਰੇ ਵੀ ਜਾਣੂ ਕਰਵਾਇਆ ਗਿਆ। ਇਸ ਮੌਕੇ ਪ੍ਰਿੰਸੀਪਲ ਸਰਦਾਰ ਗੁਰਦੀਪ ਸਿੰਘ ਰੰਧਾਵਾ ਨੇ ਦੱਸਿਆ ਕਿ ਇਹ ਅਸਥਾਨ ਸੰਗਤਾਂ ਦੀ ਅਟੁੱਟ ਸ਼ਰਧਾ ਅਤੇ ਵਿਸ਼ਵਾਸ ਦਾ ਕੇਂਦਰ ਹੈ। ਸੰਗਤਾਂ ਦਾ ਵਿਸ਼ਵਾਸ ਹੈ ਕਿ ਜਿਹੜਾ ਵੀ ਸ਼ਰਧਾਲੂ ਪੂਰੀ ਸ਼ਰਧਾ ਨਾਲ ਇਸ ਪਵਿੱਤਰ ਅਸਥਾਨ 'ਤੇ ਨਤਮਸਤਕ ਹੁੰਦਾ ਹੈ ਅਤੇ ਅਰਦਾਸ ਕਰਦਾ ਹੈ, ਉਸ ਦੀਆਂ ਮਨੋਕਾਮਨਾਵਾਂ ਪੂਰੀਆਂ ਹੁੰਦੀਆਂ ਹਨ। ਅੱਜ ਇਸ ਯਾਤਰਾ ਦੌਰਾਨ ਵਿਦਿਆਰਥੀਆਂ ਨੂੰ ਸਿੱਖ ਧਰਮ ਦੀਆਂ ਮਹਾਨ ਪਰੰਪਰਾਵਾਂ, ਸੇਵਾ, ਨਿਮਰਤਾ, ਆਪਸੀ ਸਾਂਝ ਅਤੇ ਮਨੁੱਖਤਾ ਦੀ ਭਲਾਈ ਦੇ ਸਿਧਾਂਤਾਂ ਬਾਰੇ ਸਿੱਖਣ ਦਾ ਮੌਕਾ ਮਿਲਿਆ ਹੈ। ਇਹ ਧਾਰਮਿਕ ਯਾਤਰਾ ਵਿਦਿਆਰਥੀਆਂ ਲਈ ਅਧਿਆਤਮਿਕ ਅਤੇ ਸਿੱਖਿਆਦਾਇਕ ਰਹੇਗੀ।

ਆਵਾਜ਼ਿ ਕੌਮ AWAZE QAUM International Newspaper & WEB TV

## ਖਾਲਸਾ ਕਾਲਜ ਦੇ ਵੇਹੜੇ 'ਚ ਜ਼ਿਲ੍ਹਾ ਪੱਧਰੀ ਸਾਇੰਸ ਡਰਾਮਿਆਂ ਦੇ ਮੁਕਾਬਲੇ ਕਰਵਾਏ





**ਚੌਂਕ ਮਹਿਤਾ-23 ਅਕਤੂਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸਿੱਖਿਆ ਵਿਭਾਗ ਪੰਜਾਬ ਵੱਲੋਂ ਵਿਦਿਆਰਥੀਆਂ ਵਿੱਚ ਸਾਇੰਸ ਵਿਸ਼ੇ ਪ੍ਰਤੀ ਉਤਸ਼ਾਹ ਭਰਨ ਲਈ ਜ਼ਿਲ੍ਹਾ ਸਿੱਖਿਆ ਅਫ਼ਸਰ (ਸਸ) ਅੰਮ੍ਰਿਤਸਰ ਦੇ ਨੈਸ਼ਨਲ ਸਾਇੰਸ ਸੈਂਟਰ ਵੱਲੋਂ ਮੈਥ ਵਿਭਾਗ ਖਾਲਸਾ ਕਾਲਜ, ਅੰਮ੍ਰਿਤਸਰ ਦੇ ਸਹਿਯੋਗ ਨਾਲ ਜ਼ਿਲ੍ਹਾ ਪੱਧਰੀ ਸਾਇੰਸ ਡਰਾਮਾ 2026-2027 ਪ੍ਰਤੀਯੋਗਿਤਾ ਖਾਲਸਾ ਕਾਲਜ ਦੇ ਵਿਹੜੇ ਵਿੱਚ ਕਰਵਾਈ ਗਈ। ਜ਼ਿਲ੍ਹਾ ਸਿੱਖਿਆ ਅਫ਼ਸਰ (ਸਸ) ਸ. ਹਰਜਿੰਦਰ ਸਿੰਘ, ਉੱਪ ਜ਼ਿਲ੍ਹਾ ਸਿੱਖਿਆ ਅਫ਼ਸਰ (ਸਸ) ਸ਼੍ਰੀ ਰਾਜੇਸ਼ ਖੰਨਾ ਦੀ ਰਹਿਨੁਮਾਈ ਹੇਠ ਅਤੇ ਹੈੱਡਮਾਸਟਰ ਕਮ ਜ਼ਿਲ੍ਹਾ ਨੋਡਲ ਅਫ਼ਸਰ ਰਾਸ਼ਟਰੀ ਆਵਿਸ਼ਕਾਰ ਅਭਿਆਨ ਸ ਨਰਿੰਦਰ ਸਿੰਘ ਦੀ ਨਿਗਰਾਨੀ ਹੇਠ ਪ੍ਰੋਗਰਾਮ ਦਾ ਆਗਾਜ਼ ਕੀਤਾ ਗਿਆ। ਇਸ ਪ੍ਰੋਗਰਾਮ ਦੇ ਜ਼ਿਲ੍ਹਾ ਮੀਡੀਆ ਕੋਆਰਡੀਨੇਟਰ ਸ਼੍ਰੀ ਨਰਿੰਦਰ ਰਾਏ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਸਮਾਰੋਹ ਦੇ ਪ੍ਰਧਾਨਗੀ ਮੰਡਲ ਵਿੱਚ ਪ੍ਰਿੰਸੀਪਲ ਖਾਲਸਾ ਕਾਲਜ ਡਾ ਆਤਮ ਰੰਧਾਵਾ, ਡੀਨ ਅਕੈਡਮਿਕ ਵੈੱਲਫੇਅਰ ਡਾ ਤਮਿੰਦਰ ਸਿੰਘ, ਡੀਨ ਸਟੂਡੈਂਟ ਵੈੱਲਫੇਅਰ ਡਾ ਦਲਜੀਤ ਸਿੰਘ, ਹੈੱਡ ਆਫ ਦੀ ਡਿਪਾਰਟਮੈਂਟ ਮੈਥਮੈਟਿਕਸ ਡਾ ਰਜਿੰਦਰ ਪਾਲ ਕੌਰ, ਹੈੱਡ ਆਫ ਦੀ ਡਿਪਾਰਟਮੈਂਟ ਕਮਿਸਟਰੀ ਡਾ ਅਮਿਤ ਸ਼ਾਮਲ ਸਨ। ਇਹ ਮੌਕੇ ਪ੍ਰਿੰਸੀਪਲ ਡਾ ਆਤਮ ਰੰਧਾਵਾ ਵੱਲੋਂ ਸਮੂਹ ਹਾਜ਼ਰੀਨ ਨੂੰ ਖਾਲਸਾ ਕਾਲਜ ਵਿੱਚ ਆਉਣ ਤੇ ਜੀ ਆਇਆਂ ਕਹਿੰਦੇ ਵਿਦਿਆਰਥੀਆਂ ਵਿੱਚ ਅਜਿਹੇ ਵਿੱਦਿਅਕ ਅਤੇ ਰੰਗਮੰਚ ਗਤੀਵਿਧੀਆਂ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ। ਇਸ ਪ੍ਰਤੀਯੋਗਿਤਾ ਵਿੱਚ ਕੁੱਲ 13 ਬਲਾਕਾਂ ਦੀਆਂ ਜੇਤੂ ਟੀਮਾਂ ਵੱਲੋਂ ਭਾਗ ਲਿਆ ਗਿਆ। ਇਨ੍ਹਾਂ ਮੁਕਾਬਲਿਆਂ ਵਿੱਚ ਜੱਜਮੈਂਟ ਪੈਨਲ ਵਿੱਚ ਬਾਲੀਵੁੱਡ, ਪਾਲੀਵੁੱਡ ਫ਼ਿਲਮੀ, ਡਰਾਮਿਆਂ, ਵੈੱਬਸੀਰੀਜ਼ ਥੀਏਟਰ ਦੇ ਐਕਟਰ, ਲੇਖਕ, ਕਵੀ, ਮੰਚ ਸੰਚਾਲਕ, ਨੈਸ਼ਨਲ ਐਵਾਰਡੀ ਪ੍ਰਸਿੱਧ ਸ਼ਖਸੀਅਤਾਂ ਮੈਡਮ ਸੁਮਨ ਠਾਕੁਰ, ਸ. ਦਲਜੀਤ ਸਿੰਘ ਸੋਨਾ, ਮੈਡਮ ਸੁਖਪਾਲਜੀਤ ਕੌਰ ਸ਼ਾਮਲ ਸਨ।ਪ੍ਰਤੀਯੋਗਿਤਾ ਮੁਕਾਬਲਿਆਂ ਦਾ ਪ੍ਰਬੰਧ ਸੀਨੀਅਰ ਅਧਿਆਪਕ ਡਾ ਗਗਨਦੀਪ ਕੌਰ, ਮਨਦੀਪ ਕੌਰ, ਕੰਵਲਪ੍ਰੀਤ ਸਿੰਘ, ਰਾਜਪ੍ਰੀਤ ਸਿੰਘ, ਵਿਕਰਮਜੀਤ ਸਿੰਘ, ਸਰਬਸੁੱਖਪਾਲ ਰਾਏ ਵੱਲੋਂ ਬੇਹੱਦ ਪ੍ਰਭਾਵਸ਼ਾਲੀ ਢੰਗ ਨਾਲ ਨਿਭਾਇਆ ਗਿਆ। ਜ਼ਿਲ੍ਹਾ ਨੋਡਲ ਅਫ਼ਸਰ ਨਰਿੰਦਰ ਸਿੰਘ ਵੱਲੋਂ ਇਸ ਸਮਾਰੋਹ ਵਿੱਚ ਸਹਿਯੋਗ ਕਰਨ ਵਾਲੇ ਅਧਿਆਪਕਾਂ ਦਾ ਧੰਨਵਾਦ ਕਰਦਿਆਂ ਵਿਦਿਆਰਥੀਆਂ ਅਤੇ ਗਾਈਡ ਅਧਿਆਪਕਾਂ ਦੀ ਮਿਹਨਤ ਨਾਲ ਤਿਆਰ ਕੀਤੇ ਡਰਾਮਿਆਂ ਨੂੰ ਖ਼ੂਬ ਸਰਾਹਿਆ ਗਿਆ। ਇਸ ਮੁਕਾਬਲੇ ਵਿੱਚੋਂ ਪਹਿਲਾ ਸਥਾਨ ਸਰਕਾਰੀ ਹਾਈ ਸਕੂਲ ਧਾਰੀਵਾਲ ਦੀ ਟੀਮ, ਦੂਸਰਾ ਸਥਾਨ ਸਰਕਾਰੀ ਹਾਈ ਸਕੂਲ ਜੌਨਸਮੋਹਾਰ ਦੀ ਟੀਮ ਅਤੇ ਤੀਸਰਾ ਸਥਾਨ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬੁਤਾਲਾ ਦੀ ਟੀਮ ਨੇ ਪ੍ਰਾਪਤ ਕੀਤਾ।

### ਖਾਲਿਸਤਾਨ ਰੈਫਰੈਂਡਮ ਦਾ ਅਗਲਾ ਪੜਾਅ

# 23 ਮਾਰਚ 2027 ਨੂੰ ਆਸਟ੍ਰੇਲੀਆ ਵਿੱਚ




ਨਵੀਂ ਦਿੱਲੀ 23 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ): ਐਡਮਿੰਟਨ ਵਿੱਚ 18 ਅਕਤੂਬਰ 2026 ਨੂੰ ਕਰਵਾਏ ਗਏ ਖਾਲਿਸਤਾਨ ਰੈਫਰੈਂਡਮ ਦੌਰਾਨ 23 ਹਜ਼ਾਰ ਤੋਂ ਵੱਧ ਵੋਟਾਂ ਪੈਣ ਦਾ ਪ੍ਰਬੰਧਕਾਂ ਵੱਲੋਂ ਦਾਅਵਾ ਕੀਤਾ ਗਿਆ ਹੈ।ਅਲਬਰਟਾ ਸਮੇਤ ਕੈਨੇਡਾ ਦੇ ਵੱਖ-ਵੱਖ ਸ਼ਹਿਰਾਂ ਤੋਂ ਵੱਡੀ ਗਿਣਤੀ ਵਿੱਚ ਸਿੱਖ ਸੰਗਤਾਂ ਨੇ ਸ਼ਮੂਲੀਅਤ ਕੀਤੀ। ਅਲਬਰਟਾ ਵਿਧਾਨ ਸਭਾ ਦੇ ਗਰਾਊਂਡਜ਼ ਵਿਖੇ ਹੋਏ ਇਸ ਸਮਾਗਮ ਦੌਰਾਨ ਵੋਟਿੰਗ ਲਈ ਲੰਬੀਆਂ ਕਤਾਰਾਂ ਦੇਖਣ ਨੂੰ ਮਿਲੀਆਂ ਅਤੇ ਕਈ ਪਰਿਵਾਰ ਬੱਚਿਆਂ ਸਮੇਤ ਪਹੁੰਚੇ।ਐਡਮਿੰਟਨ ਤੋਂ ਇਲਾਵਾ ਕੈਲਗਰੀ, ਸਸਕੈਚੂਨ, ਵਿਨੀਪੈਗ, ਟੋਰਾਂਟੋ ਅਤੇ ਵੈਨਕੂਵਰ ਸਮੇਤ ਹੋਰ ਸ਼ਹਿਰਾਂ ਤੋਂ ਵੀ ਲੋਕ ਪਹੁੰਚੇ। ਨੌਜਵਾਨਾਂ ਵੱਲੋਂ ਖਾਲਿਸਤਾਨ ਦੇ ਝੰਡੇ ਲਹਿਰਾਉਂਦੇ ਹੋਏ ਨਾਅਰੇਬਾਜ਼ੀ ਵੀ ਕੀਤੀ ਗਈ। ਰੈਫਰੈਂਡਮ ਦੇ ਪ੍ਰਬੰਧਾਂ ਵਿੱਚ ਭਾਈ ਗੁਲਜ਼ਾਰ ਸਿੰਘ ਨਿਰਮਾਣ ਅਤੇ ਉਨ੍ਹਾਂ ਦੀ ਐਡਮਿੰਟਨ ਟੀਮ ਵੱਲੋਂ ਅਹਿਮ ਭੂਮਿਕਾ ਨਿਭਾਈ ਗਈ। ਪ੍ਰਬੰਧਕਾਂ ਅਨੁਸਾਰ, ਟੀਮ ਨੇ ਤਿਆਰੀਆਂ ਲਈ ਲੰਮੇ ਸਮੇਂ ਤੋਂ ਦਿਨ-ਰਾਤ ਮਿਹਨਤ ਕੀਤੀ, ਜਦਕਿ ਵੱਖ-ਵੱਖ ਦੇਸ਼ਾਂ ਤੋਂ ਸਿੱਖਸ ਫਾਰ ਜਸਟਿਸ ਨਾਲ ਜੁੜੀਆਂ ਟੀਮਾਂ ਦੇ ਮੈਂਬਰ ਵੀ ਪਹੁੰਚੇ ਹੋਏ ਸਨ।ਸਥਾਨਕ ਗੁਰਦੁਆਰਾ ਸਾਹਿਬਾਨ ਵੱਲੋਂ ਵੀ ਸਹਿਯੋਗ ਦਿੱਤਾ ਗਿਆ। ਇਸ ਮੌਕੇ ਨਰਿੰਦਰ ਸਿੰਘ ਰੰਧਾਵਾ ਅਤੇ ਗੁਰਮੀਤ ਸਿੰਘ ਤੂਰ ਨੇ ਸਿੱਖ ਸੰਗਤ ਦੀ ਵੱਡੀ ਸ਼ਮੂਲੀਅਤ ਨੂੰ ਕੌਮੀ ਜਜ਼ਬੇ ਅਤੇ ਆਪਣੀ ਆਵਾਜ਼ ਨੂੰ ਲੋਕਤੰਤਰਿਕ ਢੰਗ ਨਾਲ ਪ੍ਰਗਟ ਕਰਨ ਦੀ ਇੱਛਾ ਨਾਲ ਜੋੜਦਿਆਂ ਕਿਹਾ ਕਿ ਵਿਦੇਸ਼ਾਂ ਵਿੱਚ ਵਸਦੀ ਸਿੱਖ ਨੌਜਵਾਨ ਪੀੜ੍ਹੀ ਵੀ ਆਪਣੇ ਸਿਆਸੀ ਤੇ ਕੌਮੀ ਮਸਲਿਆਂ ਪ੍ਰਤੀ ਜਾਗਰੂਕ ਹੋ ਰਹੀ ਹੈ। ਉਨ੍ਹਾਂ ਨੇ ਸੰਗਤਾਂ ਅਤੇ ਸੇਵਾਦਾਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਅਜਿਹੀ ਵੱਡੀ ਸ਼ਮੂਲੀਅਤ ਸਿੱਖ ਭਾਈਚਾਰੇ ਦੀ ਸੰਗਠਿਤ ਤਾਕਤ ਅਤੇ ਸਰਗਰਮੀ ਨੂੰ ਦਰਸਾਉਂਦੀ ਹੈ। ਪ੍ਰਬੰਧਕਾਂ ਨੇ ਵੋਟਿੰਗ ਪ੍ਰਕਿਰਿਆ ਅਤੇ ਸਮੁੱਚੇ ਪ੍ਰਬੰਧਾਂ 'ਤੇ ਤਸੱਲੀ ਪ੍ਰਗਟ ਕਰਦਿਆਂ ਸ਼ਮੂਲੀਅਤ ਕਰਨ ਵਾਲੀ ਸੰਗਤ ਅਤੇ ਸਹਿਯੋਗੀ ਸੇਵਾਦਾਰਾਂ ਦਾ ਧੰਨਵਾਦ ਕੀਤਾ। ਉਨ੍ਹਾਂ ਅਨੁਸਾਰ, ਖਾਲਿਸਤਾਨ ਰੈਫਰੈਂਡਮ ਦਾ ਅਗਲਾ ਪੜਾਅ 23 ਮਾਰਚ 2027 ਨੂੰ ਆਸਟ੍ਰੇਲੀਆ ਵਿੱਚ ਕਰਵਾਇਆ ਜਾਵੇਗਾ, ਜਿਸ ਦੇ ਸਥਾਨ ਅਤੇ ਹੋਰ ਵੇਰਵੇ ਬਾਅਦ ਵਿੱਚ ਜਾਰੀ ਕੀਤੇ ਜਾਣਗੇ। ਹਾਲਾਂਕਿ, ਐਡਮਿੰਟਨ ਵਿੱਚ 23 ਹਜ਼ਾਰ ਤੋਂ ਵੱਧ ਵੋਟਾਂ ਪੈਣ ਦਾ ਅੰਕੜਾ ਰੈਫਰੈਂਡਮ ਦੇ ਪ੍ਰਬੰਧਕਾਂ ਵੱਲੋਂ ਕੀਤਾ ਗਿਆ ਦਾਅਵਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

### ਪਰਗਟ ਸਿੰਘ ਨਾਲ ਮੁਲਾਕਾਤ ਕਰਕੇ ਹਲਕਾ ਫਿਰੋਜ਼ਪੁਰ ਦਿਹਾਤੀ ਦੇ ਗੰਭੀਰ ਮੁੱਦਿਆਂ ਤੇ

# ਆਉਣ ਵਾਲੀਆਂ ਚੋਣਾਂ ਸਬੰਧੀ ਕੀਤਾ ਵਿਚਾਰ-ਵਟਾਂਦਰਾ : ਆਸ਼ੂ ਬੰਗੜ

**ਫ਼ਿਰੋਜ਼ਪੁਰ, 23 ਅਕਤੂਬਰ (ਮਨੋਹਰ ਲਾਲ) :—** ਅੱਜ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਪ੍ਰਧਾਨ ਪਰਗਟ ਸਿੰਘ ਨਾਲ ਮੁਲਾਕਾਤ ਕਰਕੇ ਹਲਕਾ ਫਿਰੋਜ਼ਪੁਰ ਦਿਹਾਤੀ ਦੇ ਮੌਜੂਦਾ ਹਾਲਾਤ, ਲੋਕਾਂ ਦੀਆਂ ਸਮੱਸਿਆਵਾਂ ਅਤੇ ਭਵਿੱਖ ਵਿੱਚ ਆਉਣ ਵਾਲੀਆਂ ਚੋਣਾਂ ਸਬੰਧੀ ਵਿਸਥਾਰਪੂਰਵਕ ਵਿਚਾਰ ਵਟਾਂਦਰਾ ਕੀਤਾ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ

ਆਵਾਜ਼ਿ ਕੌਮ AWAZE QAUM International Newspaper & WEB TV

ਆਸ਼ੂ ਬੰਗੜ ਨੇ ਕਿਹਾ ਕਿ ਮੀਟਿੰਗ ਦੌਰਾਨ ਹਲਕਾ ਫਿਰੋਜ਼ਪੁਰ ਦਿਹਾਤੀ ਦੇ ਗੰਭੀਰ ਮੁੱਦਿਆਂ ਨੂੰ ਜ਼ਮੀਨੀ ਪੱਧਰ 'ਤੇ ਵਿਚਾਰਦਿਆਂ ਨੌਜਵਾਨਾਂ ਨੂੰ ਨਸ਼ਿਆਂ ਤੋਂ ਬਚਾਉਣ, ਸਿੱਖਿਆ ਦੇ ਖੇਤਰ ਵਿੱਚ ਸੁਧਾਰ ਲਿਆਉਣ, ਦੁਕਾਨਦਾਰ ਭਰਾਵਾਂ ਦੀ ਸੁਰੱਖਿਆ ਯਕੀਨੀ ਬਣਾਉਣ ਅਤੇ ਆਮ ਲੋਕਾਂ ਨੂੰ ਦਰਪੇਸ਼ ਹੋਰ ਮੁਸ਼ਕਲਾਂ ਬਾਰੇ ਗੱਲਬਾਤ ਕੀਤੀ ਗਈ।

ਗੱਲਬਾਤ ਕਰਦਿਆਂ ਆਸ਼ੂ ਬੰਗੜ ਨੇ ਕਿਹਾ ਕਿ ਅੱਜ ਪੰਜਾਬ ਨੂੰ ਨਸ਼ਿਆਂ ਦੇ ਖਾਤਮੇ, ਮਿਆਰੀ ਸਿੱਖਿਆ, ਸੁਰੱਖਿਅਤ ਵਪਾਰਕ ਮਾਹੌਲ ਅਤੇ ਲੋਕਾਂ ਦੀਆਂ ਬੁਨਿਆਦੀ ਸਮੱਸਿਆਵਾਂ ਦੇ ਹੱਲ ਲਈ ਠੋਸ ਕਦਮਾਂ ਦੀ ਲੋੜ ਹੈ।ਹਲਕਾ ਫਿਰੋਜ਼ਪੁਰ ਦਿਹਾਤੀ ਦੇ ਲੋਕ ਲੰਮੇ ਸਮੇਂ ਤੋਂ ਕਈ ਸਮੱਸਿਆਵਾਂ ਦਾ ਸਾਹਮਣਾ ਕਰ ਰਹੇ ਹਨ, ਜਿਨ੍ਹਾਂ ਦਾ ਹੱਲ ਜ਼ਮੀਨੀ ਪੱਧਰ 'ਤੇ ਲੋਕਾਂ ਨਾਲ ਜੁੜ ਕੇ ਅਤੇ ਉਨ੍ਹਾਂ ਦੀਆਂ ਲੋੜਾਂ ਨੂੰ ਸਮਝ ਕੇ ਹੀ ਕੀਤਾ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਦਾ ਮੁੱਖ ਉਦੇਸ਼ ਲੋਕਾਂ ਦੀ ਆਵਾਜ਼ ਬਣਨਾ ਅਤੇ ਉਨ੍ਹਾਂ ਨੂੰ ਇੱਕ ਸੁਰੱਖਿਅਤ, ਖੁਸ਼ਹਾਲ ਤੇ ਬਿਹਤਰ ਭਵਿੱਖ ਦੇਣਾ ਹੈ।ਆਉਣ ਵਾਲੇ ਸਮੇਂ ਵਿੱਚ ਕਾਂਗਰਸ ਪਾਰਟੀ ਦੀ ਸਰਕਾਰ ਬਣਨ 'ਤੇ ਇਨ੍ਹਾਂ ਮੁੱਦਿਆਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਨ ਲਈ ਪੂਰੀ ਵਚਨਬੱਧਤਾ ਨਾਲ ਕੰਮ ਕੀਤਾ ਜਾਵੇਗਾ।ਉਨ੍ਹਾਂ ਕਿਹਾ ਕਿ ਉਹ ਹਲਕਾ ਫਿਰੋਜ਼ਪੁਰ ਦਿਹਾਤੀ ਦੇ ਲੋਕਾਂ ਦੀ ਸੇਵਾ ਅਤੇ ਹਲਕੇ ਦੇ ਸਰਬਪੱਖੀ ਵਿਕਾਸ ਲਈ ਹਮੇਸ਼ਾ ਯਤਨਸ਼ੀਲ ਰਹਿਣਗੇ।



# ਆਓ ਕਲੀਨ, ਗਰੀਨ ਦੀਵਾਲੀ ਮਨਾਉਣ ਦਾ ਲਈਏ ਪ੍ਰਣ—ਪੀ.ਸੀ ਕੁਮਾਰ



ਫ਼ਿਰੋਜ਼ਪੁਰ, 23 ਅਕਤੂਬਰ (ਮਨੋਹਰ ਲਾਲ) :— ਪ੍ਰਦੂਸ਼ਨ ਮੁਕਤ ਦੀਵਾਲੀ, ਦੁਸ਼ਹਿਰਾ ਮਨਾਉਣ ਅਤੇ ਕਲੀਨ, ਗਰੀਨ, ਨੈਤਿਕਤਾ ਦਾ ਬੱਚਿਆਂ ਨੂੰ ਪਾਠ ਪੜ੍ਹਾਉਣ ਲਈ ਪੀ.ਸੀ ਕੁਮਾਰ ਉੱਘੇ ਸਮਾਜ ਸੇਵੀ ਨੇ ਸਰਕਾਰੀ ਪ੍ਰਾਇਮਰੀ ਸਕੂਲ ਨਾਨਕ ਨਗਰੀ ਫ਼ਿਰੋਜ਼ਪੁਰ ਵਿਖੇ ਪੁੱਜ ਕੇ ਸਾਂਝੇ ਕੀਤੇ ਵਿਚਾਰ। ਸਕੂਲੀ ਬੱਚਿਆਂ ਨਾਲ ਵਿਚਾਰਾਂ ਕਰਦਿਆਂ ਪੀ.ਸੀ ਕੁਮਾਰ ਉੱਘੇ ਸਮਾਜ ਸੁਧਾਰਕ,ਸੀਨੀਅਰ ਸਿਟੀਜਨ ਸੇਵਾ ਮੁਕਤ ਮਾਸ ਮੀਡੀਆ ਅਫਸਰ ਸਿਹਤ ਵਿਭਾਗ ਨੇ ਬੱਚਿਆਂ ਅਤੇ ਉਨ੍ਹਾਂ ਦੇ ਮਾਤਾ—ਪਿਤਾ ਨਾਲ ਵਿਚਾਰਾਂ ਕਰਦਿਆਂ ਕਿਹਾ ਕਿ ਜੇ ਅਸੀਂ ਤੰਦਰੁਸਤ ਰਹਿਣਾ ਚਾਹੁੰਦੇ ਹਾਂ, ਖੁਸ਼ ਰਹਿਣਾ ਚਾਹੁੰਦੇ ਹਾਂ ਅਤੇ ਚੰਗਾ ਵਧੀਆ ਪਰਿਵਾਰ, ਦੇਸ਼ ਨੂੰ ਬਣਾਉਣਾ ਚਾਹੁੰਦੇ ਹਾਂ ਤਾਂ ਪ੍ਰਣ ਕਰੀਏ ਕਿ ਹਰੀ ਦੀਵਾਲੀ ਮਨਾ ਕੇ ਵਾਤਾਵਰਣ ਨੂੰ ਖਸ਼ਹਾਲ ਕਰਾਂਗੇ। ਉਨ੍ਹਾਂ ਕਿਹਾ ਕਿ ਸਾਨੂੰ ਤਿਉਹਾਰ ਇਸ ਤਰ੍ਹਾਂ ਮਨਾਉਣੇ ਚਾਹੀਦੇ ਹਨ, ਜਿਸ ਤਰ੍ਹਾਂ ਸਾਡੇ ਪੁਰਵਜਾਂ ਨੇ ਇਨ੍ਹਾਂ ਦਿਨਾਂ ਦੀ ਮਹੱਤਤਾ ਅਤੇ ਘਰਾਂ, ਸਕੂਲਾਂ, ਦੇਸ਼ ਵਿਚ ਵਧੀਆ ਵਿਦਿਆਰਥੀ ਅਤੇ ਆਉਣ ਵਾਲੇ ਚੰਗੇ ਨਾਗਰਿਕ ਬਣਨਾ ਹੈ ਤਾਂ ਉਨ੍ਹਾਂ ਤੇ ਅਮਲ ਕਰਨਾ ਚਹੀਦਾ ਹੈ। ਉਨ੍ਹਾਂ ਕਿਹਾ ਕਿ ਅਜਿਹਾ ਕਰਕੇ ਅਸੀਂ ਫਜ਼ੂਲ ਦੀ ਖਰਚੀ ਤੋਂ ਵੀ ਮੁਕਤ ਹੋਵਾਂਗੇ।

ਆਵਾਜ਼ਿ ਕੌਮ AWAZE QAUM International Newspaper & WEB TV

## ਐਸ.ਡੀ.ਓ. ਕੇਵਲ ਕਿਸ਼ਨ ਸ਼ਰਮਾ ਦੇ ਮਾਤਾ ਸ਼੍ਰੀਮਤੀ ਕੁਸ਼ਿਲਆ ਦੇਵੀ ਸਦੀਵੀ ਵਿਛੋੜਾ ਦੇ ਗਏ—ਅੰਤਿਮ ਅਰਦਾਸ 27 ਅਕਤੂਬਰ ਨੂੰ

ਫ਼ਿਰੋਜ਼ਪੁਰ, 23 ਅਕਤੂਬਰ (ਮਨੋਹਰ ਲਾਲ) :— ਪੰਜਾਬ ਮੰਡੀ ਬੋਰਡ ਫਿਰੋਜ਼ਪੁਰ ਵਿਖੇ ਬਤੌਰ ਐਸ.ਡੀ.ਓ. ਸੇਵਾਵਾਂ ਨਿਭਾ ਰਹੇ ਕੇਵਲ ਕਿਸ਼ਨ ਸ਼ਰਮਾ ਦੇ ਸਤਿਕਾਰਯੋਗ ਮਾਤਾ ਜੀ ਅਤੇ ਪਿੰਡ ਲੂਬੜ ਦੇ ਸਾਬਕਾ ਸਰਪੰਚ ਸਵਰਗਵਾਸੀ ਪੰਡਿਤ ਬਰਮਾ ਨੰਦ ਸ਼ਰਮਾ ਜੀ ਦੀ ਧਰਮ ਪਤਨੀ ਸ਼੍ਰੀਮਤੀ ਕੁਸ਼ਿਲਆ ਦੇਵੀ ਬੀਤੀ 15 ਅਕਤੂਬਰ 2026 ਦਿਨ ਵੀਰਵਾਰ ਨੂੰ ਆਪਣੀ ਸੰਸਾਰਕ ਯਾਤਰਾ ਪੂਰੀ ਕਰਦਿਆਂ ਸਰੀਰਕ ਤੌਰ 'ਤੇ ਸਦੀਵੀ ਵਿਛੋੜਾ ਦੇ ਕੇ ਗੁਰੂ ਚਰਨਾਂ ਵਿੱਚ ਜਾ ਬਿਰਾਜੇ ਹਨ।



ਆਵਾਜ਼ਿ ਕੌਮ AWAZE QAUM International Newspaper & WEB TV

ਮਾਤਾ ਸ਼੍ਰੀਮਤੀ ਕੁਸ਼ਿਲਆ ਦੇਵੀ ਆਪਣੀ ਜ਼ਿੰਦਗੀ ਦੇ 95 ਸਾਲਾਂ ਦੇ ਲੰਬੇ ਸਫ਼ਰ ਨੂੰ ਤੈਅ ਕਰਦਿਆਂ ਇਸ ਫਾਨੀ ਸੰਸਾਰ ਨੂੰ ਅਲਵਿਦਾ ਕਹਿ ਗਏ। ਜ਼ਿਕਰਯੋਗ ਹੈ ਕਿ ਮਾਤਾ ਸ਼੍ਰੀਮਤੀ ਕੁਸ਼ਿਲਆ ਦੇਵੀ ਬਹੁਤ ਹੀ ਧਾਰਮਿਕ ਖ਼ਿਆਲਾਂ ਦੇ ਮਾਲਕ ਸਨ, ਉਹ ਹਰ ਕਿਸੇ ਨਾਲ ਹਮੇਸ਼ਾ ਹੱਸ ਕੇ ਬੋਲਦੇ ਸਨ ਅਤੇ ਹਰ ਵੇਲੇ ਪ੍ਰਮਾਤਮਾ ਦਾ ਜਾਪ ਕਰਦੇ ਰਹਿੰਦੇ ਸਨ। ਪਿੰਡ ਲੂਥੜ ਵਿਖੇ ਰਹਿੰਦਿਆਂ ਉਨ੍ਹਾਂ ਨੇ ਆਪਣੇ ਬੱਚਿਆਂ ਨੂੰ ਵਧੀਆ ਤੇ ਉੱਚੇ ਸੰਸਕਾਰ ਦਿੱਤੇ, ਜਿਸ ਦਾ ਨਤੀਜਾ ਹੈ ਕਿ ਅੱਜ ਉਨ੍ਹਾਂ ਦੇ ਬੱਚੇ ਪੜ੍ਹ ?ਲਿਖ ਕੇ ਸਮਾਜ ਵਿੱਚ ਉੱਚੇ ਅਤੇ ਵੱਡੇ ਅਹੁਦਿਆਂ 'ਤੇ ਦੇਸ਼ ਤੇ ਸਮਾਜ ਦੀ ਸੇਵਾ ਕਰ ਰਹੇ ਹਨ। ਉਨ੍ਹਾਂ ਦੇ ਅਕਾਲ ਚਲਾਣੇ ਨਾਲ ਪਰਿਵਾਰ ਅਤੇ ਪਿੰਡ ਵਿੱਚ ਸੋਗ ਦੀ ਲਹਿਰ ਹੈ ਕਿਉਂਕਿ ਬਜ਼ੁਰਗਾਂ ਦਾ ਆਸਰਾ ਪਰਿਵਾਰ ਲਈ ਸਭ ਤੋਂ ਵੱਡਾ ਆਸਰਾ ਹੁੰਦਾ ਹੈ। ਗੱਲਬਾਤ ਕਰਦਿਆਂ ਪਰਿਵਾਰਕ ਮੈਂਬਰਾਂ ਨੇ ਦੱਸਿਆ ਕਿ ਸਤਿਕਾਰਯੋਗ ਮਾਤਾ ਸ਼੍ਰੀਮਤੀ ਕੁਸ਼ਿਲਆ ਦੇਵੀ ਜੀ ਦੀ ਆਤਮਿਕ ਸ਼ਾਂਤੀ ਲਈ ਰੱਖੇ ਗਏ ਗਰੁੜ ਪੁਰਾਣ ਜੀ ਦੇ ਪਾਠ ਦਾ ਭੋਗ ਅਤੇ ਅੰਤਿਮ ਅਰਦਾਸ 27 ਅਕਤੂਬਰ 2026 (ਦਿਨ ਮੰਗਲਵਾਰ) ਨੂੰ ਦੁਪਹਿਰ 12:00 ਵਜੇ ਤੋਂ 02:00 ਵਜੇ ਤੱਕ ਪਰਮਾਰਥ ਭਵਨ ਫਿਰੋਜ਼ਪੁਰ ਸ਼ਹਿਰ ਵਿਖੇ ਪਵੇਗੀ। ਪਰਮਾਤਮਾ ਅੱਗੇ ਅਰਦਾਸ ਹੈ ਕਿ ਉਹ ਮਾਤਾ ਜੀ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖ਼ਸ਼ਣ ਅਤੇ ਪਿੱਛੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸਣ।

## ਜਗਦੀਪ ਸਿੰਘ ਬੁੱਕਣ ਵਾਲਾ ਨੂੰ ਪਾਰਟੀ ਨੇ ਫ਼ਿਰੋਜ਼ਪੁਰ ਦਿਹਾਤੀ ਦਾ ਹਲਕਾ ਕੋਆਰਡੀਨੇਟਰ ਕੀਤਾ ਨਿਯੁਕਤ

**ਫ਼ਿਰੋਜ਼ਪੁਰ, 23 ਅਕਤੂਬਰ (ਮਨੋਹਰ ਲਾਲ) :—** ਪੰਜਾਬ ਸਰਕਾਰ ਵੱਲੋਂ ਲੋਕ ਹਿੱਤ ਵਿਚ ਕਾਰਜ ਕਰਕੇ ਜਿਥੇ ਪੰਜਾਬ ਤੇ ਪੰਜਾਬੀਅਤ ਦੀ ਤਰੱਕੀ—ਖੁਸ਼ਹਾਲੀ ਲਈ ਕਾਰਜ ਕੀਤੇ ਜਾ ਰਹੇ ਹਨ, ਉਥੇ ਸਿਰੜੀ ਵਰਕਰਾਂ ਨੂੰ ਅਹੁਦਿਆਂ ਨਾਲ ਨਿਵਾਜ ਕੇ ਉਨ੍ਹਾਂ ਨੂੰ ਲੋਕਾਂ ਦੇ ਕਾਰਜ ਕਰਨ ਲਈ ਪ੍ਰੇਰਿਤ ਕੀਤਾ ਜਾ ਰਿਹਾ ਹੈ। ਹਾਲ ਹੀ ਵਿਚ ਜਗਦੀਪ ਸਿੰਘ ਬੁੱਕਣ ਵਾਲਾ ਨੂੰ ਫ਼ਿਰੋਜ਼ਪੁਰ ਦਿਹਾਤੀ ਦੇ ਹਲਕਾ ਕੋਆਰਡੀਨੇਟਰ ਨਿਯੁਕਤ ਕਰਕੇ ਜਿਥੇ ਨੌਜਵਾਨ ਆਗੂ ਨੂੰ ਹੱਲਾਸ਼ੇਰੀ ਦਿੱਤੀ ਹੈ, ਉਥੇ ਨੌਜਵਾਨਾਂ ਨੂੰ ਅੱਗੇ ਹੋ ਕੇ ਪੰਜਾਬ ਤੇ ਪੰਜਾਬੀਅਤ ਦੇ ਕਾਰਜ ਕਰਨ ਲਈ ਪ੍ਰੇਰਿਤ ਕੀਤਾ ਗਿਆ। ਹਲਕਾ ਫ਼ਿਰੋਜ਼ਪੁਰ ਦਿਹਾਤੀ ਦਾ ਕੋਆਰਡੀਨੇਟਰ ਨਿਯੁਕਤ ਹੋਣ ਤੇ ਜਗਦੀਪ ਸਿੰਘ ਬੁੱਕਣ ਵਾਲਾ ਨੇ ਕਿਹਾ ਕਿ ਉਹ ਆਮ ਆਦਮੀ ਪਾਰਟੀ ਦੇ ਰਾਸ਼ਟਰੀ ਕਨਵੀਨਰ ਸ੍ਰੀ ਅਰਵਿੰਦ ਕੇਜਰੀਵਾਲ, ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ, ਪੰਜਾਬ ਇੰਚਾਰਜ ਮਨੀਸ਼ ਸਿਸੋਦੀਆ, ਪੰਜਾਬ ਪ੍ਰਧਾਨ ਅਮਨ ਅਰੋੜਾ ਅਤੇ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਸ਼ੈਰੀ ਕਲਸੀ, ਪੰਜਾਬ ਦੇ ਅਬਜਰਵਰ ਅਦਿਲ ਅਹਿਮਦ ਖਾਨ ਵਿਧਾਇਕ ਫ਼ਿਰੋਜ਼ਪੁਰ ਦਿਹਾਤੀ ਰਜਨੀਸ਼ ਕੁਮਾਰ ਦਹੀਆ, ਮਾਲਵਾ ਵੈਸਟ ਜੋਨ ਦੇ ਸੈਕਟਰੀ ਸੁਖਵਿੰਦਰ ਜਵੰਦਾ ਅਤੇ ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ, ਓ.ਐਸ.ਡੀ ਰਾਜਬੀਰ ਸਿੰਘ ਘੁਮਾਣ ਅਤੇ ਸਮੁੱਚੀ ਆਮ ਆਦਮੀ ਪਾਰਟੀ ਪੰਜਾਬ ਦਾ ਦਿਲੋਂ ਧੰਨਵਾਦ ਕਰਦੇ ਹਨ, ਜਿਨ੍ਹਾਂ ਨੇ ਮੇਰੇ ਤੇ ਵਿਸਵਾਸ਼ ਕਰਕੇ ਮੈਨੂੰ ਆਮ ਆਦਮੀ ਪਾਰਟੀ ਹਲਕਾ ਫਿਰੋਜ਼ਪੁਰ ਦਿਹਾਤੀ ਤੋਂ ਹਲਕਾ ਕੋਆਰਡੀਨੇਟਰ ਸੋਸ਼ਲ ਮੀਡੀਆ ਦੀ ਅਹਿਮ ਜਿੰਮੇਵਾਰੀ ਦੇ ਕੇ ਨਿਵਾਜਿਆ। ਉਨ੍ਹਾਂ ਕਿਹਾ ਕਿ ਉਹ ਪਾਰਟੀ ਦੀ ਮਜ਼ਬੂਤੀ ਲਈ ਦਿਨ ਰਾਤ ਇਕ ਕਰਕੇ ਮਿਹਨਤ ਕਰਦਾ ਰਹਾਂਗਾ ਅਤੇ ਪਾਰਟੀ ਵਲੋਂ ਕੀਤੇ ਗਏ ਭਰੋਸੇ ਤੇ ਹਮੇਸ਼ਾ ਖਰਾ ਉਤਰਾਂਗਾ।



ਆਵਾਜ਼ਿ ਕੌਮ AWAZE QAUM International Newspaper & WEB TV




★ ਜਾਰੀ ਕਰਤਾ ★

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

+447458381111 +447976210161 +919729091243